ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 22 ਨਵੰਬਰ 2026 (ਨਾਨਕਸ਼ਾਹੀ ਸੰਮਤ : ५५८, ७ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

ਸ਼੍ਰੋਮਣੀ ਕਮੇਟੀ ਵੱਲੋਂ ਪ੍ਰਕਾਸ਼ ਪੁਰਬ ਮਨਾਉਣ ਲਈ ਭਲਕੇ 22 ਨਵੰਬਰ ਨੂੰ ਪਾਕਿਸਤਾਨ ਜਾਵੇਗਾ ਜਥਾ

ਅੰਮ੍ਰਿਤਸਰ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)-ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭੇਜੇ ਜਾਣ ਵਾਲੇ ਜਥੇ ਲਈ 1822 ਸ਼ਰਧਾਲੂਆਂ ਨੂੰ ਵੀਜੇ ਪ੍ਰਾਪਤ ਹੋਏ ਹਨ। ਇਹ ਜਥਾ ਭਲਕੇ 22 ਨਵੰਬਰ ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੋਂ ਪਾਕਿਸਤਾਨ ਲਈ ਰਵਾਨਾ ਕੀਤਾ ਜਾਵੇਗਾ, ਜਿਸ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਸੇ ਦੌਰਾਨ ਅੱਜ ਸ਼ਰਧਾਲੂਆਂ ਨੇ ਆਪਣੇ ਵੀਜਾ ਲੱਗੇ ਪਾਸਪੋਰਟ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਪ੍ਰਾਪਤ ਕੀਤੇ। ਪਾਸਪੋਰਟ ਵੰਡਣ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ 1828 ਸ਼ਰਧਾਲੂਆਂ ਦੇ ਪਾਸਪੋਰਟ ਦਿੱਲੀ ਸਥਿਤ ਪਾਕਿਸਤਾਨ ਹਾਈ ਕਮਿਸ਼ਨ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ ਸਫ਼ਾਰਤਖ਼ਾਨੇ ਨੇ 1822 ਸ਼ਰਧਾਲੂਆਂ ਨੂੰ ਵੀਜ਼ਾ ਜਾਰੀ ਕੀਤਾ ਹੈ।ਉਨ੍ਹਾਂ ਕਿਹਾ ਕਿ 6 ਸ਼ਰਧਾਲੂਆਂ ਨੂੰ ਪਾਕਿਸਤਾਨ ਦੂਤਾਵਾਸ ਵੱਲੋਂ ਵੀਜ਼ਾ ਨਹੀਂ ਦਿੱਤਾ ਗਿਆ। ਸਕੱਤਰ ਕਾਹਲਵਾਂ ਨੇ ਦੱਸਿਆ ਕਿ ਜਥੇ 'ਚ ਪਾਰਟੀ ਲੀਡਰ ਵਜੋਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਬੀਬੀ ਪਰਮਿੰਦਰ ਕੌਰ, ਜਦਕਿ ਜਥੇ ਨਾਲ ਅੰਤ੍ਰਿੰਗ ਮੈਂਬਰ ਰਵਿੰਦਰ ਸਿੰਘ ਖ਼ਾਲਸਾ, ਮੈਂਬਰ. ਗੁਰਨਾਮ ਸਿੰਘ ਜੱਸਲ, ਬੀਬੀ ਗੁਰਿੰਦਰ ਕੌਰ ਭੋਲੂਵਾਲਾ ਅਤੇ ਜਨਰਲ ਪ੍ਰਬੰਧਕ ਵਜੋਂ ਲਖਬੀਰ ਸਿੰਘ ਚੀਫ਼-85 ਜਾਣਗੇ। ਇਹ ਜਥਾ ਪਾਕਿਸਤਾਨ ਸਥਿਤ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਨ ਉਪਰੰਤ 1 ਦਸੰਬਰ ਨੂੰ ਭਾਰਤ ਵਾਪਸ ਪਰਤੇਗਾ।

ਅੰਮ੍ਰਿਤਪਾਲ ਸਿੰਘ ਦੀ ਦਾਦੀ ਪੰਜ ਤੱਤਾਂ ਵਿੱਚ ਹੋਏ ਵਿਲੀਨ

ਅੰਮ੍ਰਿਤਪਾਲ ਸਿੰਘ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਡਿਬਰੂਗੜ੍ਹ ਰਵਾਨਾ



ਅੰਮ੍ਰਿਤਸਰ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)-ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਦਾਦੀ ਮਾਤਾ ਚਰਨ ਕੌਰ ਦਾ ਜੱਦੀ ਪਿੰਡ ਜੱਲੂਪੁਰ ਖੇੜਾ ਦੇ ਖੇਤਾਂ ਵਿੱਚ ਅੰਤਿਮ ਸਸਕਾਰ ਹੋਇਆ। ਸ਼ਨੀਵਾਰ ਸਵੇਰੇ ਇੱਕ ਪੁਲਿਸ ਟੀਮ ਅੰਮ੍ਰਿਤਪਾਲ ਨੂੰ ਅਸਾਮ ਤੋਂ ਅੰਮ੍ਰਿਤਸਰ ਲੈ ਆਈ। ਫਿਰ ਉਨ੍ਹਾਂ ਨੂੰ ਬੁਲੇਟਪਰੂਫ ਗੱਡੀ ਵਿੱਚ ਉਨ੍ਹਾਂ ਦੇ ਜੱਦੀ ਪਿੰਡ ਜੱਲੂਪੁਰ ਖੇੜਾ ਲਿਜਾਇਆ ਗਿਆ। ਅੰਮ੍ਰਿਤਪਾਲ ਦੀ ਉਡਾਣ ਸ਼ਨੀਵਾਰ ਸਵੇਰੇ 8:30 ਵਜੇ ਦੇ ਕਰੀਬ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰੀ। ਅੰਮ੍ਰਿਤਪਾਲ ਸਿੰਘ ਨੂੰ ਇਸ ਸਮੇਂ ਸਖ਼ਤ ਸੁਰੱਖਿਆ ਹੇਠ ਹਵਾਈ ਅੱਡੇ ਦੇ ਅੰਦਰ ਰੱਖਿਆ ਗਿਆ ਹੈ। ਉਹ ਦਾਦੀ ਚਰਨ ਕੌਰ ਦੇ ਆਪਣੇ ਜੱਦੀ ਪਿੰਡ ਜੱਲੂਪੁਰ ਖੇੜਾ ਵਿੱਚ ਅੰਤਿਮ ਸਸਕਾਰ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਦਾ 8 ਨਵੰਬਰ ਨੂੰ ਦੇਹਾਂਤ ਹੋ ਗਿਆ ਸੀ। ਪੈਰੋਲ ਦੀ ਮਿਆਦ ਖਤਮ ਹੋਣ ਤੋਂ ਬਾਅਦ ਅੰਮ੍ਰਿਤਸਰ ਦਿਹਾਤੀ ਪੁਲਿਸ ਉਨ੍ਹਾਂ ਨੂੰ ਦੁਪਹਿਰ 3 ਵਜੇ ਅੰਮ੍ਰਿਤਸਰ ਹਵਾਈ ਅੱਡੇ ਵਾਪਸ ਲਿਆਈ। ਉਡਾਣ ਅੰਮ੍ਰਿਤਸਰ ਤੋਂ ਸ਼ਾਮ 6:35 ਵਜੇ ਰਵਾਨਾ ਹੋਈ ਤੇ ਸ਼ਾਮ 7:50 ਵਜੇ ਦਿੱਲੀ ਪਹੁੰਚੀ। ਜ਼ਿਕਰਯੋਗ ਹੈ ਕਿ ਪਰਿਵਾਰ ਨੇ ਅੰਮ੍ਰਿਤਪਾਲ ਦੀ ਆਵਾਜਾਈ ਲਈ ਸਰਕਾਰੀ ਖਾਤੇ ਵਿੱਚ 10 ਲੱਖ ਰੁਪਏ ਜਮ੍ਹਾ ਕਰਵਾਏ ਸਨ। ਜੱਲੂਖੇੜਾ ਵਿੱਚ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕੀਤੇ ਗਏ ਸਨ ਅਤੇ ਵੱਡੀ ਗਿਣਤੀ ਵਿੱਚ ਪੁਲਿਸ ਬਲ ਤਾਇਨਾਤ ਸੀ। ਐੱਸ. ਐੱਸ. ਪੀ. ਅੰਮ੍ਰਿਤਸਰ ਦਿਹਾਤੀ ਵੱਲੋਂ ਖੁਦ ਪਿੰਡ ਜੱਲੂਪੁਰ ਖੇੜਾ ਪੁੱਜ ਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ ਅਤੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ। ਅੰਤਿਮ ਸੰਸਕਾਰ ਸ਼ਾਂਤਮਈ ਢੰਗ ਨਾਲ ਸੰਪੂਰਨ ਹੋ ਗਿਆ।

ਪੰਨੂ ਮਾਮਲੇ 'ਚ ਅਮਰੀਕੀ ਅਦਾਲਤ ਦੁਆਰਾ ਅਜੀਤ ਡੋਵਾਲ ਤੇ ਸਮੰਤ ਗੋਇਲ ਨੂੰ ਸੰਮਨ



ਵਾਸ਼ਿੰਗਟਨ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅਮਰੀਕਾ ਦੀ ਇੱਕ ਅਦਾਲਤ ਨੇ ਖਾਲਿਸਤਾਨੀ ਸਮਰਥਕ ਭਾਈ ਗੁਰਪਤਵੰਤ ਸਿੰਘ ਪੰਨੂ ਨਾਲ ਸਬੰਧਤ ਮਾਮਲੇ ਵਿੱਚ ਭਾਰਤ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਰਿਸਰਚ ਐਂਡ ਅਨਾਲਿਸਿਸ ਵਿੰਗ ਦੇ ਸਾਬਕਾ ਨਿਰਦੇਸ਼ਕ ਸਮੰਤ ਗੋਇਲ ਨੂੰ ਸੰਮਨ ਭੇਜੇ ਹਨ। ਗੁਰਪਤਵੰਤ ਸਿੰਘ ਪੰਨੂ ਭਾਰਤੀ ਜਾਂਚ ਏਜੰਸੀਆਂ ਦੁਆਰਾ ਵੱਖ-ਵੱਖ ਅੱਤਵਾਦੀ ਦੋਸ਼ਾਂ ਹੇਠ ਲੋੜੀਂਦਾ ਹੈ। ਨਿਊਯਾਰਕ ਦੀ ਦੱਖਣੀ ਜ਼ਿਲ੍ਹਾ ਅਦਾਲਤ ਦੇ ਕਲਰਕ ਅਨੁਸਾਰ ਇਹ ਸੰਮਨ FedEx ਰਾਹੀਂ ਨਵੀਂ ਦਿੱਲੀ ਦੀ ਪਟਿਆਲਾ ਹਾਊਸ ਕੋਰਟ, ਤੀਸ ਹਜ਼ਾਰੀ ਕੋਰਟ ਅਤੇ ਦਵਾਰਕਾ ਜ਼ਿਲ੍ਹਾ ਅਦਾਲਤ ਨੂੰ ਭੇਜੇ ਗਏ ਹਨ। ਜੱਜ ਕੈਥਰੀਨ ਪੋਲਕ ਫੈਲਾ ਨੇ ਹੇਗ ਕਨਵੈਨਸ਼ਨ ਅਤੇ ਭਾਰਤੀ ਸਿਵਲ ਪ੍ਰਕਿਰਿਆ ਸੰਹਿਤਾ ਦੇ ਤਹਿਤ ਭਾਰਤੀ ਅਦਾਲਤਾਂ ਰਾਹੀਂ ਇਹ ਤਾਮੀਲ ਕਰਵਾਉਣ ਦੇ ਹੁਕਮ ਦਿੱਤੇ ਹਨ। ਪਾਬੰਦੀਸ਼ੁਦਾ ਸੰਗਠਨ 'ਸਿੱਖਸ ਫਾਰ ਜਸਟਿਸ' ਦੇ ਕਾਨੂੰਨੀ ਸਲਾਹਕਾਰ ਪੰਨੂ ਨੇ ਆਪਣੀ ਜਾਨ ਲੇਵਾ ਹਮਲੇ ਦੀ ਕੋਸ਼ਿਸ਼ ਦੇ ਦੋਸ਼ ਵਿੱਚ ਹਰਜਾਨੇ ਦੀ ਮੰਗ ਕਰਦਿਆਂ ਇਹ ਦੀਵਾਨੀ ਮੁਕੱਦਮਾ ਦਰਜ ਕੀਤਾ ਹੈ, ਜਿਸ ਵਿੱਚ ਉਸ ਨੇ ਅਜੀਤ ਡੋਵਾਲ 'ਤੇ ਹੱਤਿਆ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ ਹੈ। ਦੂਜੇ ਪਾਸੇ, ਭਾਰਤ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜਾਇਸਵਾਲ ਨੇ ਇਸ ਮੁਕੱਦਮੇ ਨੂੰ ਮਨਘੜਤ ਅਤੇ ਬਦਨੀਤੀਪੂਰਨ ਦੱਸਦਿਆਂ ਖਾਰਜ ਕੀਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਭਾਰਤ ਵਿੱਚ ਅਦਾਲਤੀ ਦਸਤਾਵੇਜ਼ ਭੇਜਣ ਦੀ ਬੇਨਤੀ ਕੇਵਲ ਭਾਰਤ ਦੇ ਨਿਆਂ ਅਤੇ ਕਾਨੂੰਨ ਮੰਤਰਾਲੇ ਰਾਹੀਂ ਹੀ ਕੀਤੀ ਜਾ ਸਕਦੀ ਹੈ।

ਬੇਅਦਬੀ ਮਾਮਲੇ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ

ਦਿੱਲੀ ਕਮੇਟੀ ਦੇ ਦੋ ਮੈਂਬਰਾਂ 'ਤੇ ਧਾਰਮਿਕ ਤੇ ਪੰਥਕ ਗਤੀਵਿਧੀਆਂ 'ਚ ਸ਼ਮੂਲੀਅਤ 'ਤੇ ਰੋਕ

ਨਵੀਂ ਦਿੱਲੀ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬਪੁਰਾ, ਤਿਲਕ ਨਗਰ, ਨਵੀਂ ਦਿੱਲੀ ਵਿਖੇ ਬੀਤੇ ਦਿਨੀਂ 15 ਨਵੰਬਰ ਨੂੰ ਇੱਕ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕੀਤੀ ਗਈ ਬੇਅਦਬੀ ਦੇ ਮਾਮਲੇ ਵਿੱਚ ਸਖ਼ਤ ਕਾਰਵਾਈ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋ ਮੈਂਬਰਾਂ ਸ. ਰਮਿੰਦਰ ਸਿੰਘ ਅਤੇ ਬੀਬੀ ਰਣਜੀਤ ਕੌਰ ਉੱਤੇ ਜਦੋਂ ਤੱਕ ਇਸ ਮਾਮਲੇ ਵਿੱਚ ਪੰਜ ਸਿੰਘ ਸਾਹਿਬਾਨ ਵੱਲੋਂ ਫੈਸਲਾ ਨਹੀਂ ਕੀਤਾ ਜਾਂਦਾ ਉਦੋਂ ਤੱਕ ਕਿਸੇ ਵੀ ਧਾਰਮਿਕ ਅਤੇ ਪੰਥਕ ਗਤੀਵਿਧੀ ਵਿੱਚ ਸ਼ਮੂਲੀਅਤ ਕਰਨ ਤੋਂ ਰੋਕ ਲਗਾਉਣ ਦਾ ਆਦੇਸ਼ ਕੀਤਾ ਹੈ। ਇਸੇ ਤਰ੍ਹਾਂ ਸਬੰਧਤ ਗੁਰਦੁਆਰਾ ਸਾਹਿਬ ਦੀ ਪੰਜ ਮੈਂਬਰੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਸ. ਪ੍ਰੇਮ ਸਿੰਘ, ਸ. ਮਨਮੋਹਨ ਸਿੰਘ, ਸ. ਸਰੂਪ ਸਿੰਘ, ਸ. ਹਰਬੀਰ ਸਿੰਘ ਅਤੇ ਸ. ਸੁਖਦੇਵ ਸਿੰਘ ਨੂੰ ਗੁਰਦੁਆਰਾ ਪ੍ਰਬੰਧ ਸੰਭਾਲਣ ਤੋਂ ਅਯੋਗ ਕਰਾਰ ਦਿੰਦਿਆਂ ਆਦੇਸ਼ ਕੀਤਾ ਗਿਆ ਹੈ ਇਹ ਅਗਾਂਹ ਤੋਂ ਗੁਰੂ ਘਰ ਵਿਖੇ ਕਿਸੇ ਵੀ ਅਹੁਦੇ ਪੁਰ ਸੇਵਾਵਾਂ ਨਹੀਂ ਕਰ ਸਕਦੇ। ਇਸ ਤੋਂ ਪਹਿਲਾਂ ਦਿੱਲੀ ਕਮੇਟੀ ਦੇ ਦੋਵੇਂ ਮੈਂਬਰ ਅਤੇ ਗੁਰਦੁਆਰਾ ਸਾਹਿਬ ਦੀ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਹੋਏ ਆਦੇਸ਼ ਅਨੁਸਾਰ ਅੱਜ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਸ ਮਾਮਲੇ ਸਬੰਧੀ ਆਪਣਾ ਪੱਖ ਰੱਖਣ ਲਈ ਪੁੱਜੇ ਸਨ, ਜਿੱਥੇ ਸਿੰਘ ਸਾਹਿਬ ਜੀ ਨੇ ਲੰਮਾ ਸਮਾਂ ਸ਼ਿਕਾਇਤਕਰਤਾ ਤੇ ਪ੍ਰਬੰਧਕਾਂ ਦਾ ਪੱਖ ਸੁਣਿਆ, ਸਪੱਸ਼ਟੀਕਰਨ ਹਾਸਲ ਕੀਤੇ ਅਤੇ ਮਾਮਲੇ ਸਬੰਧੀ ਤੱਥਾਂ ਦੀ ਡੂੰਘਾਈ ਨਾਲ ਘੋਖ ਕੀਤੀ ਜਿਸ ਤੋਂ ਸਬੰਧਤਾਂ ਦੀ ਗੰਭੀਰ ਅਣਗਹਿਲੀਆਂ ਅਤੇ ਗਲਤੀਆਂ ਸਾਹਮਣੇ ਆਈਆਂ। ਇਸ ਮਾਮਲੇ ਵਿੱਚ ਹਰ ਪੱਖ ਤੋਂ ਘੋਖ-ਪੜਤਾਲ ਕਰਨ ਅਤੇ ਸਬੰਧਤ ਗੁਰਦੁਆਰਾ ਸਾਹਿਬ ਵਿਖੇ ਨਵੀਂ ਅੰਮ੍ਰਿਤਧਾਰੀ ਪ੍ਰਬੰਧਕ ਕਮੇਟੀ ਬਣਾਉਣ ਲਈ ਸਿੰਘ ਸਾਹਿਬ ਜੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਇੰਚਾਰਜ ਧਾਰਮਿਕ ਪੜਤਾਲਾਂ ਅਤੇ ਸ. ਭੋਲਾ ਸਿੰਘ ਇੰਚਾਰਜ ਉਪ-ਦਫ਼ਤਰ, ਤਲਵੰਡੀ ਸਾਬੋ ਅਧਾਰਤ ਕਮੇਟੀ ਦਾ ਗਠਨ ਕੀਤਾ ਹੈ, ਜੋ ਕਿ 2 ਦਸੰਬਰ 2026 ਤੱਕ ਇਸ ਮਾਮਲੇ ਦੀ ਸਮੁੱਚੀ ਰਿਪੋਰਟ ਭੇਜੇਗੀ। ਇਹ ਕਮੇਟੀ ਬੇਅਦਬੀ ਸਬੰਧੀ ਘਟਨਾ ਦੀ 15 ਤੋਂ 17 ਨਵੰਬਰ 2026 ਤੱਕ ਦੀ ਸੀਸੀਟੀਵੀ ਫੁਟੇਜ ਵੀ ਰਿਪੋਰਟ ਨਾਲ ਸ਼ਾਮਲ ਕਰੇਗੀ।

☛ ਗੁਰਦੁਆਰਾ ਕਮੇਟੀ ਦੇ ਪੰਜ ਮੈਂਬਰ ਅਯੋਗ ਕਰਾਰ ☛ ਮਾਮਲੇ ਦੀ ਹਰ ਪੱਖ ਤੋਂ ਘੋਖ-ਪੜਤਾਲ ਤੇ ਨਵੀਂ ਅੰਮ੍ਰਿਤਧਾਰੀ ਗੁਰਦੁਆਰਾ ਕਮੇਟੀ ਬਣਾਉਣ ਲਈ ਕਮੇਟੀ ਗਠਿਤ



ਆਵਾਜ਼ਿ ਕੌਮ AWAZE QAUM International Newspaper & WEB TV

ਜਥੇਦਾਰ ਕੁਲਦੀਪ ਸਿੰਘ ਗੜਗੱਜ ਗੁ. ਸ੍ਰੀ ਬੇਰ ਸਾਹਿਬ ਹੋਏ ਨਤਮਸਤਕ, ਸਰਬੱਤ ਦੇ ਭਲੇ ਦੀ ਕੀਤੀ ਅਰਦਾਸ



ਸੁਲਤਾਨਪੁਰ ਲੋਧੀ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਨਗਰੀ ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਸਬੰਧੀ ਧਾਰਮਿਕ ਸਰਗਰਮੀਆਂ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਚੱਲ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਿਸ਼ੇਸ਼ ਤੌਰ 'ਤੇ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਗੁਰੂ ਚਰਨਾਂ 'ਚ ਸੀਸ ਨਿਵਾ ਕੇ ਸਰਬੱਤ ਦੇ ਭਲੇ, ਸੰਸਾਰ 'ਚ ਸੁੱਖ-ਸ਼ਾਂਤੀ ਅਤੇ ਮਨੁੱਖਤਾ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਉਨ੍ਹਾਂ ਗੁਰਦੁਆਰਾ ਸਾਹਿਬ ਵਿਖੇ ਚੱਲ ਰਹੇ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ ਅਤੇ ਆਗਾਮੀ ਪ੍ਰਕਾਸ਼ ਪੁਰਬ ਸਮਾਗਮਾਂ 'ਚ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨ ਲਈ ਸਮੂਹ ਸਿੱਖ ਸੰਗਤ ਨੂੰ ਭਾਵਪੂਰਤ ਅਪੀਲ ਕੀਤੀ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਦੀ ਮਹਾਨਤਾ ਬਿਆਨ ਕਰਦੇ ਕਿਹਾ ਕਿ "ਸਤਿਗੁਰ ਨਾਨਕ ਪ੍ਰਗਟਿਆ, ਮਿਟੀ ਧੁੰਧੁ ਜਗਿ ਚਾਨਣੁ ਹੋਆ।" ਗੁਰੂ ਨਾਨਕ ਪਾਤਸ਼ਾਹ ਜੀ ਦਾ ਇਸ ਧਰਤੀ 'ਤੇ ਪ੍ਰਕਾਸ਼ ਮਨੁੱਖਤਾ ਲਈ ਉਹ ਮਹਾਨ ਵਰਦਾਨ ਸੀ, ਜਿਸ ਨੇ ਅਗਿਆਨਤਾ ਅਤੇ ਹਨ੍ਹੇਰੇ 'ਚ ਭਟਕ ਰਹੀ ਦੁਨੀਆ ਨੂੰ ਸੱਚ, ਗਿਆਨ, ਬਰਾਬਰੀ, ਸੇਵਾ ਅਤੇ ਸਰਬ ਸਾਂਝੀਵਾਲਤਾ ਦਾ ਰਾਹ ਵਿਖਾਇਆ। ਗੁਰੂ ਸਾਹਿਬ ਜੀ ਦਾ ਪ੍ਰਕਾਸ਼ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ, ਰਾਏ ਭੋਇ ਦੀ ਤਲਵੰਡੀ ਵਿਖੇ ਹੋਇਆ ਅਤੇ ਉਨ੍ਹਾਂ ਨੇ ਆਪਣੀ ਸਮੁੱਚੀ ਜੀਵਨ ਯਾਤਰਾ ਰਾਹੀਂ ਮਨੁੱਖਤਾ ਨੂੰ ਉੱਚੀ-ਸੁੱਚੀ ਜੀਵਨ ਜਾਂਚ ਬਖ਼ਸ਼ੀ। ਉਨ੍ਹਾਂ ਕਿਹਾ ਕਿ ਸੁਲਤਾਨਪੁਰ ਲੋਧੀ ਦੀ ਧਰਤੀ ਨੂੰ ਇਹ ਵਿਸ਼ੇਸ਼ ਸੁਭਾਗ ਪ੍ਰਾਪਤ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦੇ ਲਗਭਗ 14 ਸਾਲ, 9 ਮਹੀਨੇ ਅਤੇ 13 ਦਿਨ ਇਥੇ ਬਤੀਤ ਕੀਤੇ। ਇਸੇ ਪਾਵਨ ਧਰਤੀ ਤੋਂ ਗੁਰੂ ਸਾਹਿਬ ਜੀ ਨੇ ਕਿਰਤ ਕਰਨ ਅਤੇ ਵੰਡ ਛਕਣ ਦੇ ਸਿਧਾਂਤਾਂ ਨੂੰ ਅਮਲੀ ਰੂਪ 'ਚ ਦ੍ਰਿੜ੍ਹ ਕਰਵਾਉਂਦਿਆਂ ਸਮੁੱਚੀ ਮਨੁੱਖਤਾ ਨੂੰ ਨਾਮ ਜਪਣ, ਕਿਰਤ ਕਰਨ ਅਤੇ ਵੰਡ ਛਕਣ ਦਾ ਮਹਾਨ ਉਪਦੇਸ਼ ਦਿੱਤਾ। ਗੁਰੂ ਸਾਹਿਬ ਜੀ ਦੀ ਇਸ ਪਾਵਨ ਯਾਦ ਨਾਲ ਜੁੜੀ ਸੁਲਤਾਨਪੁਰ ਲੋਧੀ ਦੀ ਧਰਤੀ ਅੱਜ ਵੀ ਸਮੁੱਚੀ ਲੋਕਾਈ ਲਈ ਸ਼ਰਧਾ, ਪ੍ਰੇਰਨਾ ਅਤੇ ਅਧਿਆਤਮਿਕਤਾ ਦਾ ਕੇਂਦਰ ਹੈ। ਜਥੇਦਾਰ ਸਾਹਿਬ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਨੂੰ ਸਮੁੱਚੇ ਖਾਲਸਾ ਪੰਥ ਵੱਲੋਂ ਪੰਥ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਹੇਠ ਬੜੀ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਮਰਿਆਦਾ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ 23 ਨਵੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ, ਜਦਕਿ 24 ਅਤੇ

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV


ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar







ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ

ਨਿੱਝਰ ਕਤਲ ਮਾਮਲੇ ਦਾ ਨਿਊਯਾਰਕ ਅਦਾਲਤ ਵਿੱਚ ਵਾਰ-ਵਾਰ ਹੋਇਆ ਜ਼ਿਕਰ

ਨਿਖਿਲ ਗੁਪਤਾ ਨੂੰ 235 ਮਹੀਨੇ ਦੀ ਸਜ਼ਾ

ਨਿਊਯਾਰਕ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅਮਰੀਕਾ ਵਿੱਚ ਸਿੱਖਸ ਫਾਰ ਜਸਟਿਸ ਦੇ ਆਗੂ ਭਾਈ ਗੁਰਪਤਵੰਤ ਸਿੰਘ ਪੰਨੂ ਨੂੰ ਕਤਲ ਕਰਨ ਦੀ ਸਾਜ਼ਿਸ਼ ਦੇ ਮਾਮਲੇ ਵਿੱਚ ਨਿਖਿਲ ਗੁਪਤਾ ਨੂੰ ਨਿਊਯਾਰਕ ਦੀ ਅਦਾਲਤ ਵੱਲੋਂ 235 ਮਹੀਨੇ ਦੀ ਸਜ਼ਾ ਸੁਣਾਈ ਗਈ। ਇਸ ਮਹੱਤਵਪੂਰਨ ਅਦਾਲਤੀ ਕਾਰਵਾਈ ਦੌਰਾਨ ਕੈਨੇਡਾ ਦੇ ਸਰੀ ਸਥਿਤ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸੇਵਾਦਾਰਾਂ ਨੇ ਵਿਸ਼ੇਸ਼ ਤੌਰ 'ਤੇ ਨਿਊਯਾਰਕ ਪਹੁੰਚ ਕੇ ਅਦਾਲਤੀ ਕਾਰਵਾਈ ਵਿੱਚ ਸ਼ਮੂਲੀਅਤ ਕੀਤੀ।

ਅਦਾਲਤੀ ਕਾਰਵਾਈ ਦੌਰਾਨ 18 ਜੂਨ 2023 ਨੂੰ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੀ ਧਰਤੀ 'ਤੇ ਸ਼ਹੀਦ ਕੀਤੇ ਗਏ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦਾ ਕਈ ਵਾਰ ਜ਼ਿਕਰ ਹੋਇਆ। ਅਦਾਲਤ ਵਿੱਚ ਹਾਜ਼ਰ ਭਾਈ ਭੁਪਿੰਦਰ ਸਿੰਘ ਹੋਠੀ ਅਤੇ ਹੋਰ ਸੇਵਾਦਾਰਾਂ ਅਨੁਸਾਰ, ਨਿਖਿਲ ਗੁਪਤਾ ਦੇ ਬਚਾਅ ਪੱਖ ਦੇ ਵਕੀਲ ਨੇ ਦੋਵਾਂ ਮਾਮਲਿਆਂ ਵਿਚਕਾਰ ਸਿੱਧਾ ਸਬੰਧ ਨਾ ਹੋਣ ਦੀ ਦਲੀਲ ਦਿੱਤੀ।

ਹਾਲਾਂਕਿ, ਅਦਾਲਤੀ ਕਾਰਵਾਈ ਦੌਰਾਨ ਭਾਈ ਨਿੱਝਰ ਦੀ 18 ਜੂਨ 2023 ਨੂੰ ਹੋਈ ਹੱਤਿਆ ਅਤੇ ਇਸ ਤੋਂ ਬਾਅਦ 20 ਜੂਨ ਦੇ ਆਸ-ਪਾਸ ਨਿਖਿਲ ਗੁਪਤਾ ਵੱਲੋਂ ਭੇਜੇ ਗਏ ਸੁਨੇਹਿਆਂ ਦਾ ਵਿਸ਼ੇਸ਼ ਹਵਾਲਾ ਦਿੱਤਾ ਗਿਆ। ਸੇਵਾਦਾਰਾਂ ਅਨੁਸਾਰ, ਜੱਜ ਨੇ ਇਨ੍ਹਾਂ ਘਟਨਾਵਾਂ ਨੂੰ ਮਾਮਲੇ ਦੇ ਸੰਦਰਭ ਵਿੱਚ ਮਹੱਤਵਪੂਰਨ ਮੰਨਿਆ ਅਤੇ ਸਾਜ਼ਿਸ਼ ਵਿੱਚ ਭਾਰਤੀ ਸਰਕਾਰੀ ਏਜੰਟਾਂ ਦੀ ਕਥਿਤ ਸ਼ਮੂਲੀਅਤ ਨਾਲ ਸਬੰਧਤ ਤੱਥਾਂ ਦਾ ਜ਼ਿਕਰ ਕੀਤਾ।

ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਮਾਮਲੇ ਵਿੱਚ ਵੀ ਪੂਰਾ ਸੱਚ ਸਾਹਮਣੇ ਆਉਣਾ ਚਾਹੀਦਾ ਹੈ। ਕਮੇਟੀ ਨੇ ਮੰਗ ਕੀਤੀ ਕਿ ਇਸ ਸਾਜ਼ਿਸ਼ ਵਿੱਚ ਸ਼ਾਮਲ ਸਾਰੇ ਜ਼ਿੰਮੇਵਾਰ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ ਅਤੇ ਬਣਦੀਆਂ ਸਜ਼ਾਵਾਂ ਦਿੱਤੀਆਂ ਜਾਣ।

ਇਸ ਮੌਕੇ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਵੀ ਅਮਰੀਕੀ ਅਦਾਲਤ ਨੂੰ ਜੂਨ 1984 ਤੋਂ ਲੈ ਕੇ ਹੁਣ ਤੱਕ ਸਿੱਖ ਕੌਮ ਨਾਲ ਹੋਈਆਂ ਬੇਇਨਸਾਫ਼ੀਆਂ, ਜ਼ੁਲਮਾਂ ਅਤੇ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਵਾਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਸਿੱਖਾਂ ਉੱਤੇ ਹੋਏ ਜ਼ੁਲਮਾਂ ਦੇ ਇਤਿਹਾਸ ਨੂੰ ਅਦਾਲਤੀ ਰਿਕਾਰਡ ਦਾ ਹਿੱਸਾ ਬਣਵਾਇਆ।

ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਆਸ ਪ੍ਰਗਟਾਈ ਕਿ ਨਿਖਿਲ ਗੁਪਤਾ ਵਿਰੁੱਧ ਹੋਈ ਅਦਾਲਤੀ ਕਾਰਵਾਈ ਤੋਂ ਬਾਅਦ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਜਾਂਚ ਵਿੱਚ ਵੀ ਤੇਜ਼ੀ ਆਵੇਗੀ ਅਤੇ ਇਸ ਮਾਮਲੇ ਦੇ ਸਾਰੇ ਪਹਿਲੂ ਜਨਤਕ ਹੋਣਗੇ।

ਜਾਰੀ ਕਰਤਾ: ਪ੍ਰਬੰਧਕ ਕਮੇਟੀ, ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ, ਸਰੀ-ਡੈਲਟਾ, ਬ੍ਰਿਟਿਸ਼ ਕੋਲੰਬੀਆ, ਕੈਨੇਡਾ।





ਆਵਾਜ਼ਿ ਕੌਮ AWAZE QAUM
International Newspaper & WEB TV

ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

ਫ਼ਰੀ ਮੈਡੀਕਲ ਕੈਂਪ

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਐਤਵਾਰ ਮਿਤੀ 22-11-2026 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 2-00 ਵਜੇ ਤੱਕ

Heart Check Up (ECG Test)

ਹੱਡੀਆਂ ਦੇ ਮਾਹਿਰ ਡਾਕਟਰ ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ।

ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਦਿੱਤੀਆਂ ਜਾਣਗੀਆਂ

ਆਮ ਬਿਮਾਰੀਆਂ ਅਤੇ ਔਰਤਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਮਰੀਜ਼ ਦਾ ਚੈਂਕਅਪ ਕਰਨਗੇ।

ਸਥਾਨ: ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ ਤਹਿ. ਨਕੋਦਰ (ਜਲੰਧਰ)

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ
2. ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮੀਅਰ) ਟੈਸਟ।
4. ਮਰਦਾਂ ਦੇ ਗਾਦੂਦਾਂ ਦੇ ਕੈਂਸਰ ਲਈ ਪੀ.ਐਸ.ਏ. ਟੈਸਟ।
5. ਕੈਂਸਰ ਦੇ ਮਰੀਜ਼ਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ।
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫ਼ਤ ਦਵਾਈਆਂ।
8. ਆਮ ਬਿਮਾਰੀਆਂ ਸਬੰਧੀ ਡਾਕਟਰ ਮਰੀਜ਼ਾਂ ਦਾ ਚੈਂਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ।
9. ਅੱਖਾਂ ਦੇ ਮਾਹਿਰ ਡਾਕਟਰ ਅੱਖਾਂ ਦੀਆਂ ਬਿਮਾਰੀਆਂ ਦਾ ਚੈਕਅਪ ਕਰਨਗੇ ਅਤੇ ਲੋੜਵੰਦਾਂ ਨੂੰ ਦਵਾਈਆਂ ਅਤੇ ਐਨਕਾਂ ਦਿੱਤੀਆਂ ਜਾਣਗੀਆਂ।
10. ਹੱਡੀਆਂ ਦੇ ਮਾਹਿਰ ਡਾਕਟਰ ਮਰੀਜ਼ ਦਾ ਚੈਕਅਪ ਕਰਨਗੇ ਅਤੇ ਜੋੜਾਂ ਦੇ ਦਰਦ ਦੀਆ ਦਵਾਈਆਂ ਦੇਣਗੇ।
11. ਔਰਤਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਔਰਤਾਂ ਦੀਆ ਬਿਮਾਰੀਆ ਦਾ ਫ਼ਰੀ ਚੈਕਅਪ ਕਰਨਗੇ ਤੇ ਮੁਫਤ ਦਵਾਈਆਂ ਦਿੱਤੀਆ ਜਾਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਨੋਟ : ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ। ਸੋ ਸਾਰੀਆਂ ਔਰਤਾਂ ਚੈਕਅਪ ਜਰੂਰ ਕਰਵਾਉਣ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ।

ਮੋਬਾ. 94630-27634, 98151-89612

ਪੰਜਾਬ ਵਿੱਚ ਪ੍ਰਵਾਸੀਆਂ ਵਲੋਂ

ਨਕਲੀ ਤੇ ਕੈਮੀਕਲ ਯੁਕਤ ਖਾਣ-ਪੀਣ ਦੀਆਂ ਵਸਤਾਂ ਦਾ ਕਾਰੋਬਾਰ ਬੇਖ਼ੌਫ਼ ਜਾਰੀ

ਲੋਕਾਂ ਦੀ ਸਿਹਤ ਨਾਲ ਖਿਲਵਾੜ ਰੋਕਣ ਵਿੱਚ ਸਰਕਾਰ ਨਾਕਾਮ: ਸ਼੍ਰੋਮਣੀ ਰਾਗੀ ਸਭਾ ਸ਼੍ਰੀ ਅੰਮ੍ਰਿਤਸਰ



ਨਵੀਂ ਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਪੰਜਾਬ ਦੇ ਵੱਡੇ ਸ਼ਹਿਰਾਂ ਵਿੱਚ ਖਾਣ-ਪੀਣ ਦੀਆਂ ਵਸਤਾਂ ਦੇ ਨਾਮ 'ਤੇ ਲੋਕਾਂ ਨੂੰ ਕਥਿਤ ਤੌਰ 'ਤੇ ਨਕਲੀ, ਮਿਲਾਵਟੀ ਅਤੇ ਖ਼ਤਰਨਾਕ ਕੈਮੀਕਲਾਂ ਨਾਲ ਤਿਆਰ ਕੀਤੇ ਪਦਾਰਥ ਖਵਾਏ ਜਾਣ ਦੇ ਗੰਭੀਰ ਮਾਮਲਿਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਨੇ ਪੰਜਾਬ ਸਰਕਾਰ ਅਤੇ ਖਾਦ ਸੁਰੱਖਿਆ ਵਿਭਾਗ ਦੀ ਕਾਰਗੁਜ਼ਾਰੀ ਨੂੰ ਸਵਾਲਾਂ ਦੇ ਘੇਰੇ ਵਿੱਚ ਲਿਆ ਹੈ। ਸਭਾ ਨੇ ਦੋਸ਼ ਲਾਇਆ ਕਿ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਚੱਲ ਰਹੀਆਂ ਪ੍ਰਵਾਸੀਆਂ ਵਲੋਂ ਖਾਣ-ਪੀਣ ਦੀਆਂ ਰੇਹੜੀਆਂ, ਛੋਟੀਆਂ ਦੁਕਾਨਾਂ ਅਤੇ ਉਤਪਾਦਨ ਇਕਾਈਆਂ ਵਿੱਚ ਕਥਿਤ ਤੌਰ 'ਤੇ ਪ੍ਰਤੀਬੰਧਿਤ ਰੰਗਾਂ, ਖ਼ਤਰਨਾਕ ਕੈਮੀਕਲਾਂ, ਨਕਲੀ ਮਸਾਲਿਆਂ ਅਤੇ ਗੈਰ-ਮਿਆਰੀ ਪਨੀਰ, ਚੀਜ਼, ਚਾਪ ਤੇ ਹੋਰ ਖਾਦ ਪਦਾਰਥਾਂ ਦੀ ਵਰਤੋਂ ਕਰਕੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਇਨ੍ਹਾਂ ਵਸਤਾਂ ਦੀ ਤਿਆਰੀ ਅਤੇ ਸਪਲਾਈ ਦਾ ਵੱਡਾ ਨੈੱਟਵਰਕ ਹੋਣ ਦੇ ਬਾਵਜੂਦ ਖਾਦ ਸੁਰੱਖਿਆ ਵਿਭਾਗ ਵੱਲੋਂ ਨਿਯਮਤ ਜਾਂਚ, ਲਾਇਸੈਂਸਾਂ ਦੀ ਤਸਦੀਕ ਅਤੇ ਨਮੂਨੇ ਲੈਣ ਦੀ ਕਾਰਵਾਈ ਪ੍ਰਭਾਵਸ਼ਾਲੀ ਢੰਗ ਨਾਲ ਨਾ ਹੋਣਾ ਸਰਕਾਰੀ ਨਿਗਰਾਨੀ ਪ੍ਰਣਾਲੀ ਦੀ ਗੰਭੀਰ ਨਾਕਾਮੀ ਹੈ। ਸਭਾ ਨੇ ਸਵਾਲ ਕੀਤਾ ਕਿ ਜਦੋਂ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਕਾਰੋਬਾਰ ਬਿਨਾਂ ਕਿਸੇ ਡਰ ਦੇ ਚੱਲ ਰਹੇ ਹਨ ਤਾਂ ਸਰਕਾਰੀ ਅਧਿਕਾਰੀ ਆਪਣੀ ਜ਼ਿੰਮੇਵਾਰੀ ਕਿੱਥੇ ਨਿਭਾ ਰਹੇ ਹਨ ? ਲੋਕਾਂ ਨੂੰ ਸਿਹਤਮੰਦ ਜੀਵਨ ਦੇਣ ਦੇ ਦਾਅਵੇ ਕਰਨ ਵਾਲੀ ਪੰਜਾਬ ਸਰਕਾਰ ਜੇਕਰ ਸੁਰੱਖਿਅਤ ਖੁਰਾਕ ਮੁਹੱਈਆ ਕਰਵਾਉਣ ਵਿੱਚ ਹੀ ਅਸਫਲ ਰਹਿੰਦੀ ਹੈ ਤਾਂ ਉਸ ਦੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਸਭਾ ਨੇ ਮੰਗ ਕੀਤੀ ਕਿ ਪੰਜਾਬ ਦੇ ਸਾਰੇ ਵੱਡੇ ਸ਼ਹਿਰਾਂ, ਕਸਬਿਆਂ ਅਤੇ ਪਿੰਡਾਂ ਵਿੱਚ ਪ੍ਰਵਾਸੀਆਂ ਦੀਆਂ ਲਗੀਆਂ ਖਾਣ-ਪੀਣ ਦੀਆਂ ਰੇਹੜੀਆਂ, ਦੁਕਾਨਾਂ, ਮਠਿਆਈਆਂ ਬਣਾਉਣ ਵਾਲੀਆਂ ਇਕਾਈਆਂ ਅਤੇ ਖਾਦ ਪਦਾਰਥਾਂ ਦੀਆਂ ਫੈਕਟਰੀਆਂ ਦੀ ਵਿਸ਼ੇਸ਼ ਮੁਹਿੰਮ ਤਹਿਤ ਸਖ਼ਤ ਜਾਂਚ ਕੀਤੀ ਜਾਵੇ, ਹਰ ਕਾਰੋਬਾਰੀ ਇਕਾਈ ਦੇ ਲਾਇਸੈਂਸ ਅਤੇ ਰਜਿਸਟ੍ਰੇਸ਼ਨ ਦੀ ਤਸਦੀਕ ਹੋਵੇ ਅਤੇ ਸ਼ੱਕੀ ਖਾਦ ਪਦਾਰਥਾਂ ਦੇ ਨਮੂਨੇ ਲੈ ਕੇ ਸਰਕਾਰੀ ਲੈਬਾਰਟਰੀਆਂ ਵਿੱਚ ਜਾਂਚ ਕਰਵਾਈ ਜਾਵੇ। ਜਿਹੜੇ ਲੋਕ ਮਿਲਾਵਟ, ਪ੍ਰਤੀਬੰਧਿਤ ਕੈਮੀਕਲਾਂ ਜਾਂ ਗੈਰ-ਮਿਆਰੀ ਖਾਦ ਪਦਾਰਥਾਂ ਦੀ ਵਰਤੋਂ ਕਰਦੇ ਪਾਏ ਜਾਣ, ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਖਾਦ ਸੁਰੱਖਿਆ ਵਿਭਾਗ ਦੇ ਅਧਿਕਾਰੀਆਂ ਦੀ ਕਾਰਗੁਜ਼ਾਰੀ ਦੀ ਵੀ ਸੁਤੰਤਰ ਜਾਂਚ ਹੋਵੇ ਤਾਂ ਜੋ ਕਿਸੇ ਅਧਿਕਾਰੀ ਦੀ ਮਿਲੀਭੁਗਤ, ਲਾਪਰਵਾਹੀ ਜਾਂ ਭ੍ਰਿਸ਼ਟਾਚਾਰ ਸਾਹਮਣੇ ਆਉਣ 'ਤੇ ਉਸ ਨੂੰ ਵੀ ਜਵਾਬਦੇਹ ਬਣਾਇਆ ਜਾ ਸਕੇ। ਸ਼੍ਰੋਮਣੀ ਰਾਗੀ ਸਭਾ ਨੇ ਪੰਜਾਬ ਦੀਆਂ ਪੰਥਕ ਜਥੇਬੰਦੀਆਂ, ਪੱਤਰਕਾਰਾਂ, ਮਨੁੱਖੀ ਅਧਿਕਾਰ ਅਤੇ ਸਿਹਤ ਸੰਗਠਨਾਂ, ਪਿੰਡਾਂ ਦੀਆਂ ਪੰਚਾਇਤਾਂ, ਮੁਹੱਲਾ ਪੱਧਰ ਦੀਆਂ ਸੇਵਾ ਸੁਸਾਇਟੀਆਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸੋਸ਼ਲ ਮੀਡੀਆ ਰਾਹੀਂ ਲੋਕਾਂ ਤੱਕ ਆਵਾਜ਼ ਪਹੁੰਚਾਉਣ ਵਾਲੇ ਪੱਤਰਕਾਰ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਇਸ ਗੰਭੀਰ ਮੁੱਦੇ ਨੂੰ ਜਨਤਕ ਤੌਰ 'ਤੇ ਉਠਾਉਣ ਅਤੇ ਮਿਲਾਵਟਖੋਰੀ ਵਿਰੁੱਧ ਲੋਕ ਲਹਿਰ ਖੜ੍ਹੀ ਕਰਨ। ਸਭਾ ਨੇ ਕਿਹਾ ਕਿ ਇਹ ਮਾਮਲਾ ਪੰਜਾਬ ਦੇ ਹਰ ਪਰਿਵਾਰ, ਬੱਚੇ, ਬਜ਼ੁਰਗ ਅਤੇ ਨਾਗਰਿਕ ਦੀ ਸਿਹਤ ਤੇ ਜ਼ਿੰਦਗੀ ਨਾਲ ਜੁੜਿਆ ਹੋਇਆ ਹੈ, ਇਸ ਲਈ ਸਰਕਾਰ ਨੂੰ ਪੰਜਾਬ ਨੂੰ ਭਈਸਤਾਨ ਬਣਾਉਣ ਦੇ ਮਨਸੂਬੇ ਤੋਂ ਉੱਪਰ ਉੱਠ ਕੇ ਠੋਸ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਣਾਲੀ ਬਣਾਉਣੀ ਚਾਹੀਦੀ ਹੈ। ਇਸ ਮੌਕੇ ਸਭਾ ਦੇ ਪ੍ਰਧਾਨ ਭਾਈ ਉਂਕਾਰ ਸਿੰਘ ਦੇ ਨਾਲ ਭਾਈ ਅਮਨਦੀਪ ਸਿੰਘ, ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਕਾਰਜ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਸ਼ੁਭਦੀਪ ਸਿੰਘ, ਭਾਈ ਗੁਰਵਿੰਦਰ ਸਿੰਘ ਅਨੰਦਪੁਰੀ, ਭਾਈ ਪਲਵਿੰਦਰ ਸਿੰਘ, ਭਾਈ ਸਤਿੰਦਰਬੀਰ ਸਿੰਘ, ਭਾਈ ਨਵਨੀਤ ਸਿੰਘ, ਭਾਈ ਕੰਵਲਦੀਪ ਸਿੰਘ, ਭਾਈ ਬਿਕਰਮਜੀਤ ਸਿੰਘ, ਭਾਈ ਕਰਨੈਲ ਸਿੰਘ, ਭਾਈ ਗੁਰਕੀਰਤ ਸਿੰਘ ਅਤੇ ਭਾਈ ਕਾਰਜ ਸਿੰਘ ਹਾਜ਼ਰ ਸਨ।

> ☛ ਪੰਜਾਬ ਦੇ ਸ਼ਹਿਰਾਂ ਵਿੱਚ ਵੱਧ ਰਹੀ ਪ੍ਰਵਾਸੀਆਂ ਦੀ ਆਮਦ ਖਤਰਨਾਕ ਰੁਝਾਨ ਵਲ, ਤੁਰੰਤ ਰੋਕ ਲਗਾਉਣ ਦੀ ਮੰਗ

ਆਵਾਜ਼ਿ ਕੌਮ AWAZE QAUM International Newspaper & WEB TV

ਅਬਲਾ ਦੀ ਪੁਕਾਰ

-ਰਮਿੰਦਰ ਰੰਮੀ



ਜਨਮ ਤੋਂ ਅੰਤ ਤੱਕ,
ਅਬਲਾ ਦੀ ਪੁਕਾਰ ਸੁਣਨ ਵਾਲਾ ਕੋਈ ਨਹੀਂ ਹੁੰਦਾ।
ਉਹ ਸਾਰੀ ਉਮਰ ਪੁਕਾਰਦੀ ਰਹਿ ਜਾਂਦੀ ਹੈ,
ਤੇ ਉਸ ਦੀ ਆਵਾਜ਼, ਉਸ ਦੇ ਹਲਕ ਵਿੱਚ ਹੀ
ਅਟਕ ਕੇ ਰਹਿ ਜਾਂਦੀ ਹੈ।
ਅੱਜ ਫਿਰ ਉਹ ਅਬਲਾ ਪੁਕਾਰਦੀ ਰਹੀ,
ਉਸ ਦੇ ਪਤੀ ਨੇ ਉਸ ਨੂੰ ਜ਼ਲੀਲ ਕਰਨ
ਵਿੱਚ ਕੋਈ ਕਸਰ ਨਹੀਂ ਛੱਡੀ।
ਪੰਜਾਹ ਸਾਲਾਂ ਤੋਂ ਉਸ ਨੇ ਆਪਣੇ ਸ਼ਿਕੰਜੇ ਵਿੱਚ
ਜਕੜ ਰੱਖਿਆ ਹੈ ਉਸਨੂੰ ,
ਗਾਹੇ-ਬਗਾਹੇ ਖਾ ਜਾਣ ਵਾਲੀਆਂ
ਨਜ਼ਰਾਂ ਨਾਲ ਘੂਰਦਾ ਰਹਿੰਦਾ ਹੈ।
ਹਰ ਵੇਲੇ ਬੋਲਣ ਦੀਆਂ
ਸਭ ਹੱਦਾਂ-ਬੰਨੇ ਟੱਪ ਜਾਂਦਾ,
ਗਾਲੀ-ਗਲੋਚ, ਮਿਹਣੇ-ਤਾਹਨੇ,
ਤੇ ਝੱਟੇ ਮਾਰ ਦਬੋਚਣ ਦੀ ਕੋਸ਼ਿਸ਼ ਕਰਦਾ।
ਉਹ ਵਿਚਾਰੀ ਹਿਫ਼ਾਜ਼ਤ ਲਈ ਪੁਕਾਰਦੀ,
ਰੋਂਦੀ, ਕੁਰਲਾਉਂਦੀ, ਦਹਾੜਾਂ ਮਾਰਦੀ,
ਪਰ ਕੋਈ ਉਸ ਦੀ ਕੂਕ
ਸੁਣਨ ਵਾਲਾ ਨਹੀਂ ਹੁੰਦਾ ਕੋਈ।
ਉਸ ਦੀਆਂ ਚੀਕਾਂ , ਉਸਦੀ ਅਵਾਜ਼ ,
ਗਲੇ ਅੰਦਰ ਹੀ ਘੁਟ ਕੇ ਰਹਿ ਜਾਂਦੀਆਂ।
ਕੋਈ ਬਚਾਅ ਕਰਨ ਵਾਲਾ ਨਹੀਂ ਹੁੰਦਾ,
ਕੋਈ ਚੁੱਪ ਕਰਾ ਕੇ ਗਲੇ ਲਗਾਉਣ ਵਾਲਾ ਨਹੀਂ ਹੁੰਦਾ।
ਘਰ ਦੇ ਸੱਭ ਆਪੋ ਆਪਣੇ ਕੰਮਾਂ ਤੇ ਗਏ ਹੁੰਦੇ,
ਤੇ ਇੱਕਲੀ ਦੇਖ ਉਸਨੂੰ ਮੌਕਾ ਮਿਲਦਾ ,
ਉਹ ਉਸਨੂੰ ਪ੍ਰਤਾੜਿਤ ਕਰਦਾ ਰਹਿੰਦਾ।
ਸੋਚਦੀ ਹੈ—ਕੀ ਨਹੀਂ ਕੀਤਾ ਮੈਂ ?
ਸਾਰੀ ਉਮਰ ਘਰ ਬਣਾਉਣ ਤੇ
ਸੰਵਾਰਨ ਵਿੱਚ ਲੱਗੀ ਰਹੀ,
ਮੋਹ-ਪਿਆਰ ਤੇ ਫ਼ਰਜ਼ਾਂ ਦੀਆਂ
ਜ਼ੰਜੀਰਾਂ ਵਿੱਚ ਜਕੜੀ ਰਹੀ।
ਪਰ ਅੱਜ ਕੁਝ ਨਹੀਂ ਉਸ ਦੇ ਪੱਲੇ ਆਪਣਾ,
ਨਾ ਹੀ ਪੈਸਾ ਤੇ ਨਾ ਹੀ ਘਰ।
ਲੱਗਦਾ ਉਹ ਤੇ ਬੇਗਾਨੀ ਹੈ,
ਆਪਣੇ ਹੀ ਘਰ ਵਿੱਚ,
ਜਿੱਥੇ ਉਸ ਦੀ ਆਪਣੀ ਕੋਈ ਮਰਜ਼ੀ ਨਹੀਂ।
ਸੋਚਦੀ ਕਾਸ਼! ਕੋਈ ਤੇ ਆਪਣਾ ਹੋਵੇ,
ਜੋ ਉਸ ਅਬਲਾ ਦੀ ਪੁਕਾਰ ਸੁਣ,
ਗਲੇ ਲਗਾ ਕੇ ਹੌਂਸਲਾ ਦੇਵੇ।
ਤੇ ਉਹ ਉਸ ਨੂੰ ਗਲੇ ਲਗਾ ਕਹੇ—
ਮੈਂ ਹਾਂ ਤੇਰੇ ਨਾਲ, ਤੈਨੂੰ ਇਨਸਾਫ਼ ਦਿਵਾਵਾਂਗਾ।

ਆਵਾਜ਼ਿ ਕੌਮ AWAZE QAUM International Newspaper & WEB TV

2027 'ਚ ਫਿਰ ਆਮ ਆਦਮੀ ਪਾਰਟੀ ਦੀ ਬਣੇਗੀ ਸਰਕਾਰ, ਸ. ਬਲਜੀਤ ਸਿੰਘ ਚਾਹਲ ਉਦੋ ਨੰਗਲ, ਮੈਡਮ ਰਾਜਵਿੰਦਰ ਕੌਰ ਉਦੋ ਨੰਗਲ



ਚੌਕ ਮਹਿਤਾ, 21ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਆਮ ਆਦਮੀ ਪਾਰਟੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ 'ਪੰਜਾਬ ਫਿਰ ਸਰਕਾਰ ਬਣੇਗੀ ਲੋਕਾਂ ਦਾ ਤਗੜਾ ਹੁੰਗਾਰਾ ਮਿਲ ਰਿਹਾ ਹੈ।ਇਹ ਪ੍ਰਗਟਾਵਾ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਸ, ਬਲਜੀਤ ਸਿੰਘ ਚਾਹਲ ਉਦੋਂ ਨੰਗਲ ਜਨਰਲ ਸੈਕਟਰੀ ਪੰਜਾਬ ਅਤੇ ਮੈਡਮ ਰਾਜਵਿੰਦਰ ਕੌਰ ਉਦੋ ਨੰਗਲ ਮੈਂਬਰ ਬਲਾਕ ਸੰਮਤੀ ਨੇ ਅੱਜ ਇਥੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਆਮ ਆਦਮੀ ਪਾਰਟੀ ਹਲਕਾ ਜੰਡਿਆਲਾ ਗੁਰੂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦੇ ਹਲਕੇ ਵਿੱਚ ਬਹੁਤ ਵਿਕਾਸ ਦਿਨ ਰਾਤ ਇੱਕ ਕਰਕੇ ਕੀਤਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਕਰਵਾ ਵੀ ਰਹੇ ਅਤੇ ਆਪਣੇ ਵਰਕਰਾਂ ਵਾਸਤੇ ਦਿਨ ਰਾਤ ਆਪਣੇ ਦਰਵਾਜ਼ੇ ਖੁੱਲੇ ਰੱਖੇ ਹਨ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ਅਤੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਹੋਣਗੇ। ਉਨ੍ਹਾਂ ਨੇ ਕਿਹਾ ਕਿ ਪਾਰਟੀ ਦੇ ਹੱਕ ਵਿੱਚ ਡੱਟਣ ਲਈ ਲੋਕਾਂ ਨੇ ਕਮਰਕੱਸੇ ਕਰ ਚੁੱਕੇ ਹਨ। ਮੌਜੂਦਾ ਸਰਕਾਰ ਤੋਂ ਨੌਜਵਾਨ, ਬਜੁਰਗ ਅਤੇ ਬੀਬੀਆਂ ਖੁਸ਼ ਹਨ। ਬਲਜੀਤ ਸਿੰਘ ਚਾਹਲ ਉਦੋਂ ਨੰਗਲ ਜਨਰਲ ਸੈਕਟਰੀ ਪੰਜਾਬ ਅਤੇ ਮੈਡਮ ਰਾਜਵਿੰਦਰ ਕੌਰ ਉਦੋ ਨੰਗਲ ਮੈਂਬਰ ਬਲਾਕ ਸੰਮਤੀ ਕਿਹਾ ਕਿ ਮੌਜੂਦਾ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਜਿੰਨੇ ਵਾਅਦੇ ਕੀਤੇ ਸਨ ਉਹ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ। ਅਤੇ ਸਰਕਾਰ ਹਮੇਸ਼ਾਂ ਗਰੀਬਾਂ ਦੀ ਲੜਾਈ, ਕਿਸਾਨਾਂ, ਵਪਾਰੀਆਂ ਅਤੇ ਪੰਜਾਬ ਨੌਜਵਾਨਾ ਨੂੰ ਨਸ਼ੇ ਛੱਡਣ ਲਈ ਪ੍ਰੇਰਿਤ ਕੀਤਾ ਹੱਕਾਂ ਦੀ ਲੜਾਈ ਹਿੱਕ ਡਾਹ ਕੇ ਲੜੀ ਹੈ। ਜਿਸ ਕਰਕੇ ਹਰ ਵਰਗ ਨਾਲ ਸਬੰਧਤ ਲੋਕ ਹੁਣ ਫਿਰ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਦੇਖਣਾ ਚਾਹੁੰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਯੂਕੇ 100 ਤੋਂ ਵੱਧ ਗੁਰਦੁਆਰਿਆਂ ਅਤੇ ਸੈਂਕੜੇ ਸਿੱਖਾਂ ਦੀ ਸਾਂਝੀ ਮੁਹਿੰਮ ਅੱਗੇ ਝੁਕੀ ਬ੍ਰਿਟਿਸ਼ ਸਰਕਾਰ

ਕਿਰਪਾਨ ਸਬੰਧੀ ਕਾਨੂੰਨ ਬਦਲਣ ਦੀਆਂ ਕੋਸ਼ਿਸ਼ਾਂ ਤੋਂ ਪਿੱਛੇ ਹਟਣ ਲਈ ਹੋਈ ਮਜਬੂਰ



ਨਵੀਂਦਿੱਲੀ, 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਬ੍ਰਿਟੇਨ ਵਿੱਚ ਪਵਿੱਤਰ ਕਿਰਪਾਨ ਸਬੰਧੀ ਕਾਨੂੰਨੀ ਸੁਰੱਖਿਆ ਨੂੰ ਬਦਲਣ ਦੀਆਂ ਸੰਭਾਵਨਾਵਾਂ ਅਤੇ ਗ੍ਰਹਿ ਮੰਤਰੀ ਸ਼ਬਾਨਾ ਮਹਿਮੂਦ ਦੇ ਹਾਲੀਆ ਬਿਆਨਾਂ ਤੋਂ ਸਿੱਖ ਭਾਈਚਾਰੇ ਵਿੱਚ ਪੈਦਾ ਹੋਈ ਚਿੰਤਾ ਦੇ ਮੱਦੇਨਜ਼ਰ ਪੰਜ ਪ੍ਰਮੁੱਖ ਸਿੱਖ ਜਥੇਬੰਦੀਆਂ ਨੇ ਬ੍ਰਿਟਿਸ਼ ਗ੍ਰਹਿ ਮੰਤਰੀ ਨੂੰ ਪੱਤਰ ਲਿਖ ਕੇ ਮੌਜੂਦਾ ਕਾਨੂੰਨੀ ਸਥਿਤੀ ਬਰਕਰਾਰ ਰੱਖਣ ਦੀ ਮੰਗ ਕੀਤੀ ਹੈ। ਸਿੱਖ ਫੈਡਰੇਸ਼ਨ ਯੂਕੇ ਵੱਲੋਂ 100 ਤੋਂ ਵੱਧ ਗੁਰਦੁਆਰਾ ਸਾਹਿਬਾਨ ਅਤੇ ਸੈਂਕੜੇ ਸਿੱਖਾਂ ਵੱਲੋਂ 250 ਤੋਂ ਵੱਧ ਸੰਸਦ ਮੈਂਬਰਾਂ ਨੂੰ ਪੱਤਰ ਲਿਖਣ ਦੀ ਮੁਹਿੰਮ ਨੇ ਸਰਕਾਰ ਨੂੰ ਇੱਕ ਹਫ਼ਤੇ ਅੰਦਰ ਹੀ ਕਿਰਪਾਨ ਸਬੰਧੀ ਕਾਨੂੰਨ ਵਿੱਚ ਕਿਸੇ ਵੀ ਤਬਦੀਲੀ ਤੋਂ ਪਿੱਛੇ ਹਟਣ ਲਈ ਮਜਬੂਰ ਕਰ ਦਿੱਤਾ। ਭਾਈ ਅਮਰੀਕ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਰਾਸ਼ਟਰੀ ਲਾਬਿੰਗ ਨੈੱਟਵਰਕ 1,500 ਤੋਂ ਵੱਧ ਸਿੱਖ ਪਰਿਵਾਰਾਂ ਨੂੰ ਜੋੜਦਾ ਹੈ, ਜੋ 300 ਤੋਂ ਵੱਧ ਸੰਸਦ ਮੈਂਬਰਾਂ ਤੱਕ ਪਹੁੰਚ ਰੱਖਦਾ ਹੈ ਅਤੇ ਇਸ ਨੈੱਟਵਰਕ ਨੇ ਇੱਕ ਹਫ਼ਤੇ ਵਿੱਚ ਸਰਕਾਰ ਨੂੰ ਆਪਣਾ ਰੁਖ਼ ਬਦਲਣ ਲਈ ਮਜਬੂਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਨਾਲ ਸੰਪਰਕ ਰੱਖਣ ਵਾਲੀਆਂ ਸਿੱਖ ਜਥੇਬੰਦੀਆਂ ਦਾ ਇਕੱਠੇ ਹੋ ਕੇ ਸਾਂਝਾ ਅਤੇ ਇਕਜੁੱਟ ਸੁਨੇਹਾ ਦੇਣਾ ਵੀ ਬੇਹੱਦ ਪ੍ਰਭਾਵਸ਼ਾਲੀ ਸਾਬਤ ਹੋਇਆ ਹੈ। ਜਥੇਬੰਦੀਆਂ ਨੇ ਸਪੱਸ਼ਟ ਕੀਤਾ ਕਿ ਪਵਿੱਤਰ ਕਿਰਪਾਨ ਸਿੱਖ ਧਰਮ ਦਾ ਅਟੁੱਟ ਅੰਗ ਹੈ ਅਤੇ ਅੰਮ੍ਰਿਤਧਾਰੀ ਸਿੱਖਾਂ ਦਾ ਸਿੱਖ ਮਰਿਆਦਾ ਅਨੁਸਾਰ ਕਿਰਪਾਨ ਪਹਿਨਣ ਦਾ ਅਧਿਕਾਰ ਕਿਸੇ ਵੀ ਹਾਲਤ ਵਿੱਚ ਸਮਝੌਤੇ ਦਾ ਵਿਸ਼ਾ ਨਹੀਂ ਬਣ ਸਕਦਾ। ਉਨ੍ਹਾਂ ਕਿਹਾ ਕਿ ਹੈਨਰੀ ਨੋਵਾਕ ਦੀ ਦੁਖਦਾਈ ਮੌਤ ਦੇ ਮੱਦੇਨਜ਼ਰ ਜਨਤਕ ਸੁਰੱਖਿਆ ਲਈ ਚੁੱਕਵੇਂ ਕਦਮ ਚੁੱਕਣੇ ਜ਼ਰੂਰੀ ਹਨ, ਪਰ ਅਜਿਹੇ ਕਦਮ ਕਿਸੇ ਧਾਰਮਿਕ ਭਾਈਚਾਰੇ ਦੇ ਹੱਕਾਂ ਅਤੇ ਕਿਰਪਾਨ ਸਬੰਧੀ ਲੰਬੇ ਸਮੇਂ ਤੋਂ ਮਿਲ ਰਹੀ ਕਾਨੂੰਨੀ ਸੁਰੱਖਿਆ ਨੂੰ ਪ੍ਰਭਾਵਿਤ ਨਹੀਂ ਕਰਨੇ ਚਾਹੀਦੇ। ਗ੍ਰਹਿ ਮੰਤਰੀ ਵੱਲੋਂ ਧਾਰਮਿਕ ਛੋਟ ਦੀ ਸਮੀਖਿਆ ਅਤੇ ਕਿਰਪਾਨ ਦੇ ਆਕਾਰ, ਕਿਸਮ ਤੇ ਦਿੱਖ ਨੂੰ ਕਾਨੂੰਨ ਵਿੱਚ ਪਰਿਭਾਸ਼ਿਤ ਕਰਨ ਦੀਆਂ ਸੰਭਾਵਨਾਵਾਂ ਬਾਰੇ ਦਿੱਤੇ ਬਿਆਨਾਂ ਨੇ ਸਿੱਖ ਭਾਈਚਾਰੇ ਵਿੱਚ ਗੰਭੀਰ ਚਿੰਤਾ ਪੈਦਾ ਕੀਤੀ ਸੀ। ਪੱਤਰ ਵਿੱਚ ਪੰਜ ਜਥੇਬੰਦੀਆਂ ਨੇ ਸਰਕਾਰ ਨੂੰ ਯਾਦ ਕਰਵਾਇਆ ਕਿ 14 ਜੂਨ ਨੂੰ ਕੋਵੈਂਟਰੀ ਦੇ ਗੁਰੂ ਨਾਨਕ ਪ੍ਰਕਾਸ਼ ਗੁਰਦੁਆਰਾ ਸਾਹਿਬ ਵਿਖੇ ਹੋਏ ਵੱਡੇ ਸਿੱਖ ਇਕੱਠ ਵਿੱਚ 1,000 ਤੋਂ ਵੱਧ ਗੁਰਦੁਆਰਾ ਸਾਹਿਬਾਨ ਅਤੇ ਸਿੱਖ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਕਿਰਪਾਨ ਸਬੰਧੀ ਸਪੱਸ਼ਟ ਮਤੇ ਪਾਸ ਕੀਤੇ ਸਨ, ਜਿਨ੍ਹਾਂ ਤਹਿਤ ਕਿਰਪਾਨ ਨੂੰ ਸਿੱਖ ਧਰਮ ਦਾ ਪਵਿੱਤਰ ਤੇ ਅਟੁੱਟ ਅੰਗ ਮੰਨਦਿਆਂ ਇਸ ਨੂੰ ਸਿੱਖ ਮਰਿਆਦਾ ਅਤੇ ਬ੍ਰਿਟਿਸ਼ ਕਾਨੂੰਨ ਅਨੁਸਾਰ ਪਹਿਨਣ ਦੇ ਹੱਕ ਨੂੰ ਗੈਰ-ਸਮਝੌਤਾਯੋਗ ਕਰਾਰ ਦਿੱਤਾ ਗਿਆ ਸੀ। ਜਥੇਬੰਦੀਆਂ ਨੇ ਗ੍ਰਹਿ ਮੰਤਰੀ ਤੋਂ ਮੌਜੂਦਾ ਕਾਨੂੰਨੀ ਸਥਿਤੀ ਵਿੱਚ ਕੋਈ ਤਬਦੀਲੀ ਨਾ ਕਰਨ ਅਤੇ ਸਿੱਖ ਸੰਸਦ ਮੈਂਬਰਾਂ ਨੂੰ ਦਿੱਤੇ ਭਰੋਸਿਆਂ ਦੀ ਲਿਖਤੀ ਪੁਸ਼ਟੀ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਵੱਲੋਂ ਕਿਰਪਾਨ ਦੇ ਮਾਮਲੇ 'ਤੇ ਸਿੱਖ ਭਾਈਚਾਰੇ ਨਾਲ ਪਾਰਦਰਸ਼ੀ ਢੰਗ ਨਾਲ ਸਿਰਫ਼ ਮਾਨਤਾ ਪ੍ਰਾਪਤ ਅਤੇ ਭਾਈਚਾਰੇ ਦੇ ਅਧਿਕਾਰਤ ਫਤਵੇ ਵਾਲੀਆਂ ਜਥੇਬੰਦੀਆਂ ਰਾਹੀਂ ਹੀ ਗੱਲਬਾਤ ਕੀਤੀ ਜਾਵੇ। ਪੱਤਰ 'ਤੇ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ, ਗੁਰਦੁਆਰਾ ਏਡ, ਸਿੱਖ ਫੈਡਰੇਸ਼ਨ ਯੂਕੇ, ਸੁਪਰੀਮ ਸਿੱਖ ਕੌਂਸਲ ਯੂਕੇ ਅਤੇ ਯੂਕੇ ਗੁਰਦੁਆਰਾ ਅਲਾਇੰਸ ਵੱਲੋਂ ਦਸਤਖ਼ਤ ਕੀਤੇ ਗਏ ਹਨ। ਜਥੇਬੰਦੀਆਂ ਨੇ ਗ੍ਰਹਿ ਮੰਤਰੀ ਨਾਲ ਜਲਦ ਮੁਲਾਕਾਤ ਦੀ ਮੰਗ ਕਰਦਿਆਂ ਕਿਹਾ ਕਿ ਸਿੱਖਾਂ ਦੀ ਧਾਰਮਿਕ ਆਜ਼ਾਦੀ ਅਤੇ ਪਵਿੱਤਰ ਕਿਰਪਾਨ ਦੇ ਅਧਿਕਾਰਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜ ਸਿੱਖ ਜਥੇਬੰਦੀਆਂ ਵੱਲੋਂ ਬ੍ਰਿਟਿਸ਼ ਗ੍ਰਹਿ ਮੰਤਰੀ ਨੂੰ ਭੇਜਿਆ ਗਿਆ ਪੱਤਰ

ਪੰਨੂ ਸਾਜ਼ਿਸ਼ ਮਾਮਲੇ 'ਚ ਨਿਖਿਲ ਗੁਪਤਾ ਨੂੰ 19 ਸਾਲ 7 ਮਹੀਨੇ ਦੀ ਕੈਦ

ਡੋਵਾਲ-ਗੋਇਲ ਨੂੰ ਸੰਮਨ ਤੇ ਅਮਿਤ ਸ਼ਾਹ ਦੇ ਨਾਂ 'ਤੇ ਛਿੜੀ ਨਵੀਂ ਸਿਆਸੀ-ਕੂਟਨੀਤਕ ਜੰਗ





ਨਵੀਂ ਦਿੱਲੀ 21 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਅਮਰੀਕਾ ਦੀ ਇੱਕ ਫੈਡਰਲ ਅਦਾਲਤ ਵੱਲੋਂ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਸਾਜ਼ਿਸ਼ ਰਚਣ ਦੇ ਮਾਮਲੇ ਵਿੱਚ ਭਾਰਤੀ ਨਾਗਰਿਕ ਨਿਖਿਲ ਗੁਪਤਾ ਨੂੰ 20 ਨਵੰਬਰ 2026 ਨੂੰ ਸੁਣਾਈ ਗਈ 19 ਸਾਲ ਅਤੇ 7 ਮਹੀਨਿਆਂ ਦੀ ਸਖ਼ਤ ਕੈਦ ਦੀ ਸਜ਼ਾ ਨੇ ਕੌਮਾਂਤਰੀ ਪੱਧਰ 'ਤੇ ਵੱਡੀ ਹਲਚਲ ਮਚਾ ਦਿੱਤੀ ਹੈ। ਨਿਊਯਾਰਕ ਦੀ ਅਦਾਲਤ ਦਾ ਇਹ ਫ਼ੈਸਲਾ ਸਿਰਫ਼ ਇੱਕ ਅਪਰਾਧਿਕ ਮਾਮਲੇ ਦਾ ਨਿਬੇੜਾ ਨਹੀਂ ਹੈ, ਸਗੋਂ ਇਹ ਭਾਰਤ ਅਤੇ ਅਮਰੀਕਾ ਦੇ ਆਪਸੀ ਸਬੰਧਾਂ ਵਿੱਚ ਆਈ ਉਸ ਤਲਖ਼ੀ ਨੂੰ ਵੀ ਮੁੜ ਸੁਰਜੀਤ ਕਰਦਾ ਹੈ ਜੋ ਪਿਛਲੇ ਕੁਝ ਸਮੇਂ ਤੋਂ ਕੂਟਨੀਤਕ ਗਲਿਆਰਿਆਂ ਵਿੱਚ ਚਰਚਾ ਦਾ ਵਿਸ਼ਾ ਬਣੀ ਹੋਈ ਸੀ। ਅਮਰੀਕੀ ਧਰਤੀ 'ਤੇ ਆਪਣੇ ਹੀ ਇੱਕ ਨਾਗਰਿਕ ਅਤੇ ਸਿੱਖਸ ਫ਼ਾਰ ਜਸਟਿਸ ਦੇ ਜਨਰਲ ਕੌਂਸਲ ਨੂੰ ਨਿਸ਼ਾਨਾ ਬਣਾਉਣ ਦੀ ਇਸ ਕਥਿਤ ਕੋਸ਼ਿਸ਼ ਨੂੰ ਵਾਸ਼ਿੰਗਟਨ ਨੇ ਆਪਣੀ ਪ੍ਰਭੂਸੱਤਾ ਅਤੇ ਕਾਨੂੰਨੀ ਵਿਵਸਥਾ ਲਈ ਸਿੱਧੀ ਚੁਣੌਤੀ ਮੰਨਿਆ ਹੈ, ਜਿਸ ਕਾਰਨ ਇਸ ਮਾਮਲੇ ਵਿੱਚ ਇੰਨੀ ਸਖ਼ਤ ਮਿਸਾਲੀ ਸਜ਼ਾ ਸੁਣਾਈ ਗਈ ਹੈ। ਇਸ ਪੂਰੇ ਘਟਨਾਕ੍ਰਮ ਦਾ ਸਭ ਤੋਂ ਅਹਿਮ ਅਤੇ ਗੰਭੀਰ ਪਹਿਲੂ ਨਿਖਿਲ ਗੁਪਤਾ ਵੱਲੋਂ ਫਰਵਰੀ 2026 ਵਿੱਚ ਅਦਾਲਤ ਸਾਹਮਣੇ ਆਪਣਾ ਜੁਰਮ ਕਬੂਲ ਕਰਨਾ ਰਿਹਾ ਹੈ, ਜਿਸ ਨੇ ਇਸ ਕੇਸ ਦੀ ਦਿਸ਼ਾ ਪੂਰੀ ਤਰ੍ਹਾਂ ਬਦਲ ਦਿੱਤੀ। ਕਿਰਾਏ 'ਤੇ ਕਤਲ ਕਰਵਾਉਣ, ਉਸ ਦੀ ਸਾਜ਼ਿਸ਼ ਰਚਣ ਅਤੇ ਮਨੀ ਲਾਂਡਰਿੰਗ ਦੀ ਸਾਜ਼ਿਸ਼ ਵਰਗੇ ਸੰਗੀਨ ਦੋਸ਼ਾਂ ਨੂੰ ਸਵੀਕਾਰ ਕਰਨ ਤੋਂ ਬਾਅਦ ਅਮਰੀਕੀ ਨਿਆਂ ਵਿਭਾਗ ਦਾ ਪੱਖ ਬੇਹੱਦ ਮਜ਼ਬੂਤ ਹੋ ਗਿਆ ਸੀ। ਇਸ ਇਕਬਾਲੀਆ ਬਿਆਨ ਨੇ ਨਾ ਸਿਰਫ਼ ਗੁਪਤਾ ਦੀ ਸ਼ਮੂਲੀਅਤ 'ਤੇ ਪੱਕੀ ਮੋਹਰ ਲਗਾਈ, ਸਗੋਂ ਇਸ ਸਾਜ਼ਿਸ਼ ਪਿੱਛੇ ਕੰਮ ਕਰ ਰਹੇ ਵੱਡੇ ਤੰਤਰ, ਸਾਬਕਾ ਭਾਰਤੀ ਖੁਫ਼ੀਆ ਅਧਿਕਾਰੀ ਵਿਕਾਸ ਯਾਦਵ ਨਾਲ ਉਸ ਦੇ ਕਥਿਤ ਸਬੰਧਾਂ ਅਤੇ ਵਿੱਤੀ ਲੈਣ-ਦੇਣ ਦੀਆਂ ਪਰਤਾਂ ਨੂੰ ਵੀ ਅਦਾਲਤ ਸਾਹਮਣੇ ਬੇਨਕਾਬ ਕਰ ਦਿੱਤਾ, ਜਿਸ ਕਾਰਨ ਅਦਾਲਤ ਨੇ ਬਿਨਾਂ ਕਿਸੇ ਨਰਮੀ ਦੇ 235 ਮਹੀਨਿਆਂ ਦੀ ਕੈਦ ਦਾ ਹੁਕਮ ਸੁਣਾਇਆ। ਦੂਜੇ ਪਾਸੇ, ਇਸ ਅਪਰਾਧਿਕ ਸਜ਼ਾ ਦੇ ਨਾਲ-ਨਾਲ ਪੰਨੂ ਵੱਲੋਂ ਦਾਇਰ ਕੀਤੇ ਗਏ ਇੱਕ ਵੱਖਰੇ ਸਿਵਲ ਮੁਕੱਦਮੇ ਨੇ ਭਾਰਤ ਸਰਕਾਰ ਅਤੇ ਉੱਚ ਸੁਰੱਖਿਆ ਅਧਿਕਾਰੀਆਂ ਦੀਆਂ ਮੁਸ਼ਕਲਾਂ ਹੋਰ ਵਧਾ ਦਿੱਤੀਆਂ ਹਨ। ਨਿਊਯਾਰਕ ਦੀ ਫੈਡਰਲ ਅਦਾਲਤ ਨੇ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਖੁਫ਼ੀਆ ਏਜੰਸੀ 'ਰਾਅ' ਦੇ ਸਾਬਕਾ ਮੁਖੀ ਸਾਮੰਤ ਗੋਇਲ ਨੂੰ ਦਿੱਲੀ ਦੀਆਂ ਅਦਾਲਤਾਂ ਰਾਹੀਂ ਕਾਨੂੰਨੀ ਸੰਮਨ ਭੇਜਣ ਦੇ ਹੁਕਮ ਜਾਰੀ ਕੀਤੇ ਹਨ, ਹਾਲਾਂਕਿ ਭਾਰਤ ਨੇ ਇਨ੍ਹਾਂ ਦੋਸ਼ਾਂ ਨੂੰ ਪੂਰੀ ਤਰ੍ਹਾਂ ਬੇਬੁਨਿਆਦ ਅਤੇ ਮਨਘੜਤ ਕਰਾਰ ਦਿੰਦਿਆਂ ਰੱਦ ਕਰ ਦਿੱਤਾ ਹੈ। ਇਸ ਤੋਂ ਇਲਾਵਾ ਕੌਮਾਂਤਰੀ ਪੱਧਰ 'ਤੇ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਨਾਂ ਵੀ ਇਸ ਵਿਵਾਦ ਦੇ ਘੇਰੇ ਵਿੱਚ ਘਸੀਟਿਆ ਜਾ ਰਿਹਾ ਹੈ, ਕਿਉਂਕਿ ਕੈਨੇਡਾ ਵੱਲੋਂ ਉੱਤਰੀ ਅਮਰੀਕਾ ਵਿੱਚ ਸਿੱਖ ਵੱਖਵਾਦੀਆਂ ਨੂੰ ਨਿਸ਼ਾਨਾ ਬਣਾਉਣ ਦੀਆਂ ਕਥਿਤ ਸਾਜ਼ਿਸ਼ਾਂ ਪਿੱਛੇ ਅਮਿਤ ਸ਼ਾਹ ਦੀ ਭੂਮਿਕਾ ਹੋਣ ਦੇ ਗੰਭੀਰ ਇਲਜ਼ਾਮ ਲਗਾਏ ਗਏ ਸਨ ਅਤੇ ਨਿਊਯਾਰਕ ਅਦਾਲਤ ਦੇ ਬਾਹਰ ਵੀ ਪ੍ਰਦਰਸ਼ਨਕਾਰੀਆਂ ਵੱਲੋਂ ਉਨ੍ਹਾਂ ਖ਼ਿਲਾਫ਼ ਤਿੱਖਾ ਰੋਸ ਜਤਾਇਆ ਗਿਆ ਹੈ। ਹੁਣ ਇਸ ਸਜ਼ਾ ਅਤੇ ਸਿਵਲ ਸੰਮਨਾਂ ਦੇ ਨਵੇਂ ਮੋੜ ਤੋਂ ਬਾਅਦ ਅਸਲ ਮਸਲਾ ਕੂਟਨੀਤਕ ਅਤੇ ਰਣਨੀਤਕ ਪੱਧਰ 'ਤੇ ਭਾਰਤ ਦੀ ਸਥਿਤੀ ਅਤੇ ਅਮਰੀਕਾ ਨਾਲ ਭਵਿੱਖ ਦੇ ਰਿਸ਼ਤਿਆਂ ਨੂੰ ਲੈ ਕੇ ਖੜ੍ਹਾ ਹੋ ਗਿਆ ਹੈ। ਜਿੱਥੇ ਇੱਕ ਪਾਸੇ ਅਮਰੀਕੀ ਏਜੰਸੀਆਂ ਇਸ ਨੂੰ ਕਾਨੂੰਨ ਦੇ ਰਾਜ ਦੀ ਵੱਡੀ ਜਿੱਤ ਵਜੋਂ ਪੇਸ਼ ਕਰ ਰਹੀਆਂ ਹਨ, ਉੱਥੇ ਹੀ ਦੂਜੇ ਪਾਸੇ ਇਹ ਸਵਾਲ ਵੀ ਗਰਮਾ ਗਿਆ ਹੈ ਕਿ ਭਾਰਤ ਦੇ ਚੋਟੀ ਦੇ ਸੁਰੱਖਿਆ ਅਧਿਕਾਰੀਆਂ ਅਤੇ ਸਿਆਸੀ ਲੀਡਰਸ਼ਿਪ ਦੇ ਨਾਵਾਂ ਦੀ ਇਸ ਚਰਚਾ ਦਾ ਦੋਵਾਂ ਦੇਸ਼ਾਂ ਦੀ ਸੁਰੱਖਿਆ ਭਾਈਵਾਲੀ ਅਤੇ ਆਪਸੀ ਭਰੋਸੇ 'ਤੇ ਕੀ ਅਸਰ ਪਵੇਗਾ। ਗੁਰਪਤਵੰਤ ਸਿੰਘ ਪੰਨੂ ਨੂੰ ਲੈ ਕੇ ਪਹਿਲਾਂ ਹੀ ਤਣਾਅਪੂਰਨ ਚੱਲ ਰਹੇ ਮਾਹੌਲ ਵਿੱਚ ਨਿਖਿਲ ਗੁਪਤਾ ਨੂੰ ਮਿਲੀ ਇਹ ਲੰਬੀ ਸਜ਼ਾ ਅਤੇ ਕਾਨੂੰਨੀ ਘੇਰਾਬੰਦੀ ਆਉਣ ਵਾਲੇ ਦਿਨਾਂ ਵਿੱਚ ਸਿਆਸੀ ਬਿਆਨਬਾਜ਼ੀ ਅਤੇ ਕੌਮਾਂਤਰੀ ਦਬਾਅ ਨੂੰ ਹੋਰ ਤੇਜ਼ ਕਰਨ ਵਾਲੀ ਸਾਬਤ ਹੋਵੇਗੀ।

ਭਾਰਤ-ਅਮਰੀਕਾ ਰਿਸ਼ਤਿਆਂ ਵਿੱਚ ਨਵੀਂ ਤਲਖ਼ੀ, ਸਿਵਲ ਮੁਕੱਦਮੇ ਦੇ ਸੰਮਨਾਂ ਅਤੇ ਕੌਮਾਂਤਰੀ ਇਲਜ਼ਾਮਾਂ ਨੇ ਵਧਾਈ ਸਿਆਸੀ ਹਲਚਲ

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਕਾਲ ਅਕੈਡਮੀ ਜਗਾ ਰਾਮ ਤੀਰਥ ਵਿਖੇ ਸਹਿਜ ਪਾਠਾਂ ਦੇ ਭੋਗ ਪਾਏ

ਚੜ੍ਹਦੀ ਕਲਾ ਵੈਲਫੇਅਰ ਕਲੱਬ ਵੱਲੋਂ ਪ੍ਰਿੰਸੀਪਲ ਰਜਿੰਦਰ ਕੌਰ ਮਾਨ ਦਾ ਕੀਤਾ ਸਨਮਾਨ



ਤਲਵੰਡੀ ਸਾਬੋ, 21 ਨਵੰਬਰ (ਗੁਰਸੰਟ ਸਿੰਘ ਨਥੇਹਾ)-ਪਿੰਡ ਜਗਾ ਰਾਮ ਤੀਰਥ ਦੀ ਅਕਾਲ ਅਕੈਡਮੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਹਿਜ ਪਾਠਾਂ ਦੇ ਭੋਗ ਪਾਏ ਗਏ। ਇਸ ਧਾਰਮਿਕ ਸਮਾਗਮ ਵਿੱਚ ਸਕੂਲ ਦੇ ਵਿਦਿਆਰਥੀਆਂ ਅਤੇ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਭੋਗ ਉਪਰੰਤ ਪਾਠੀ ਸਿੰਘ ਵੱਲੋਂ ਅਰਦਾਸ ਕੀਤੀ ਗਈ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਫਲਸਫੇ ਬਾਰੇ ਸੰਗਤਾਂ ਨੂੰ ਜਾਣੂ ਕਰਵਾਉਂਦਿਆਂ ਸੱਚ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਚੜ੍ਹਦੀ ਕਲਾ ਵੈਲਫੇਅਰ ਕਲੱਬ ਦੇ ਪ੍ਰਧਾਨ ਜੱਗਾ ਸਿੰਘ ਸਿੱਧੂ ਅਤੇ ਕਲੱਬ ਦੇ ਮੈਂਬਰਾਂ ਵੱਲੋਂ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਰਜਿੰਦਰ ਕੌਰ ਮਾਨ ਨੂੰ ਸਿੱਖਿਆ ਅਤੇ ਧਾਰਮਿਕ ਗਤੀਵਿਧੀਆਂ ਦੇ ਖੇਤਰ ਵਿੱਚ ਵਧੀਆ ਸੇਵਾਵਾਂ ਨਿਭਾਉਣ ਬਦਲੇ ਸਨਮਾਨਿਤ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਲੱਬ ਦੇ ਪ੍ਰਧਾਨ ਜੱਗਾ ਸਿੰਘ ਸਿੱਧੂ ਨੇ ਦੱਸਿਆ ਕਿ ਅਕਾਲ ਅਕੈਡਮੀ ਪਿੰਡ ਜਗਾ ਰਾਮ ਤੀਰਥ ਦੀ ਇੱਕ ਮਹੱਤਵਪੂਰਨ ਸਿੱਖਿਆ ਸੰਸਥਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਅਕੈਡਮੀ ਵਿਖੇ ਸਹਿਜ ਪਾਠਾਂ ਦੇ ਭੋਗ ਪਾਏ ਗਏ। ਉਨ੍ਹਾਂ ਕਿਹਾ ਕਿ ਪ੍ਰਿੰਸੀਪਲ ਰਜਿੰਦਰ ਕੌਰ ਮਾਨ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਸਕੂਲ ਵਿੱਚ ਆਪਣੀਆਂ ਸੇਵਾਵਾਂ ਬਾਖੂਬੀ ਨਿਭਾਈਆਂ ਜਾ ਰਹੀਆਂ ਹਨ ਅਤੇ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਦੇ ਨਾਲ-ਨਾਲ ਧਾਰਮਿਕ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਨ ਦੇ ਯਤਨ ਕੀਤੇ ਜਾ ਰਹੇ ਹਨ। ਇਸੇ ਕਾਰਗੁਜ਼ਾਰੀ ਨੂੰ ਦੇਖਦਿਆਂ ਕਲੱਬ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ ਹੈ, ਤਾਂ ਜੋ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਚੰਗੇ ਕਾਰਜ ਕਰਦੇ ਰਹਿਣ। ਜ਼ਿਕਰਯੋਗ ਹੈ ਕਿ ਪ੍ਰਿੰਸੀਪਲ ਸ੍ਰੀਮਤੀ ਰਜਿੰਦਰ ਕੌਰ ਮਾਨ ਪਿਛਲੇ 18 ਸਾਲਾਂ ਤੋਂ ਅਕਾਲ ਅਕੈਡਮੀ ਵਿਖੇ ਲਗਾਤਾਰ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਇਸ ਮੌਕੇ ਅਵਤਾਰ ਸਿੰਘ ਬਿੱਟੂ, ਮਾਸਟਰ ਬਲਦੇਵ ਸਿੰਘ, ਸਰਪੰਚ ਮਨਜੀਤ ਸਿੰਘ, ਰਾਜਪਾਲ ਸਿੰਘ, ਸੁਖਵਿੰਦਰ ਸ਼ਰਮਾ, ਸੁਰਜੀਤ ਸ਼ਰਮਾ, ਅਮਰਦੀਪ ਸਿੰਘ ਡਿੱਖ ਸਮੇਤ ਹੋਰ ਪਤਵੰਤੇ ਅਤੇ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਬਲਾਕ ਤਲਵੰਡੀ ਸਾਬੋ ਵਿੱਚ 22 ਤੋਂ 24 ਨਵੰਬਰ ਤੱਕ ਚੱਲੇਗਾ ਨੈਸ਼ਨਲ ਪਲਸ ਪੋਲੀਓ ਰਾਊਂਡ

ਲਗਭਗ 20 ਹਜ਼ਾਰ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣ ਦਾ ਟੀਚਾ, ਸਿਹਤ ਵਿਭਾਗ ਵੱਲੋਂ ਤਿਆਰੀਆਂ ਮੁਕੰਮਲ

ਤਲਵੰਡੀ ਸਾਬੋ, 21 ਨਵੰਬਰ (ਗੁਰਸੰਟ ਸਿੰਘ

ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਚੁਣੇ ਗਏ

ਗੁਰਪ੍ਰੀਤ ਸਿੰਘ ਝੱਬਰ ਸ਼ੁਕਰਾਨੇ ਵਜੋਂ ਤਖਤ ਸ੍ਰੀ ਦਮਦਮਾ ਸਾਹਿਬ ਹੋਏ ਨਤਮਸਤਕ





ਤਲਵੰਡੀ ਸਾਬੋ, 21 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਲੰਘੇ ਦਿਨ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਏ ਸਾਲਾਨਾ ਇਜਲਾਸ ਦੌਰਾਨ ਪ੍ਰਧਾਨ ਅਤੇ ਹੋਰ ਅਹੁਦੇਦਾਰਾਂ ਦੀ ਚੋਣ ਮੁਤਾਬਿਕ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਬਣਾਏ ਗਏ ਹਲਕਾ ਜੋਗਾ ਤੋਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਪ੍ਰੀਤ ਸਿੰਘ ਝੱਬਰ ਸ਼ੁਕਰਾਨੇ ਵਜੋਂ ਲੰਘੀ ਸ਼ਾਮ ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਏ। ਦਮਦਮਾ ਸਾਹਿਬ ਪਹੁੰਚਣ ਤੇ ਸ਼੍ਰੋਮਣੀ ਕਮੇਟੀ ਦੇ ਵੱਡੀ ਗਿਣਤੀ ਮੁਲਾਜ਼ਮਾਂ ਨੇ ਭਾਈ ਗੁਰਪ੍ਰੀਤ ਸਿੰਘ ਝੱਬਰ ਦਾ ਸਵਾਗਤ ਕੀਤਾ।ਤਖਤ ਸਾਹਿਬ ਮੱਥਾ ਟੇਕ ਕੇ ਉਨਾਂ ਨੇ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਤੋਂ ਸ਼ੁਕਰਾਨੇ ਦੀ ਅਰਦਾਸ ਕਰਵਾਈ। ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਨੇ ਭਾਈ ਝੱਬਰ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਉ ਭੇਟ ਕੀਤਾ।ਮੱਥਾ ਟੇਕਣ ਉਪਰੰਤ ਗੱਲਬਾਤ ਕਰਦਿਆਂ ਭਾਈ ਗੁਰਪ੍ਰੀਤ ਸਿੰਘ ਝੱਬਰ ਨੇ ਆਪਣੀ ਨਿਯੁਕਤੀ ਲਈ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਮੁੱਚੀ ਆਲਾਕਮਾਨ ਅਤੇ ਸ਼੍ਰੋਮਣੀ ਕਮੇਟੀ ਮੈਂਬਰਾਂ ਦਾ ਧੰਨਵਾਦ ਕਰਦਿਆਂ ਯਕੀਨ ਦਵਾਇਆ ਕਿ ਉਹ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਹੋਰ ਚੜ੍ਹਦੀਕਲਾ ਲਈ ਆਪਣੇ ਵੱਲੋਂ ਹਰ ਸੰਭਵ ਯੋਗਦਾਨ ਪਾਉਣ ਦਾ ਯਤਨ ਕਰਦੇ ਰਹਿਣਗੇ ਉਨਾਂ ਕਿਹਾ ਕਿ ਮਾਲਵੇ ਦੇ ਉਕਤ ਖਿੱਤੇ ਚ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ ਤਾਂਕਿ ਨੌਜਵਾਨ ਪੀੜੀ ਨੂੰ ਆਪਣੇ ਧਾਰਮਿਕ ਵਿਰਸੇ ਨਾਲ ਜੋੜਿਆ ਜਾ ਸਕੇ। ਭਾਈ ਝੱਬਰ ਦਾ ਇਸ ਮੌਕੇ ਤਖਤ ਸਾਹਿਬ ਦੇ ਮੁਲਾਜ਼ਮਾਂ ਵੱਲੋਂ ਵੀ ਵਿਸ਼ੇਸ ਸਨਮਾਨ ਕੀਤਾ ਗਿਆ। ਨਤਮਸਤਕ ਹੋਣ ਮੌਕੇ ਜਥੇਦਾਰ ਜਗਸੀਰ ਸਿੰਘ ਮਾਂਗੇਆਣਾ ਤੇ ਬੀਬੀ ਜੋਗਿੰਦਰ ਕੌਰ ਦੋਵੇਂ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਨਰਿੰਦਰਜੀਤ ਸਿੰਘ ਮੈਨੇਜ਼ਰ ਤਖਤ ਸਾਹਿਬ, ਭਾਈ ਭੋਲਾ ਸਿੰਘ ਇੰਚਾਰਜ ਧਰਮ ਪ੍ਰਚਾਰ ਸਬ ਆਫਿਸ, ਭਾਈ ਆਲਮ ਸਿੰਘ ਮੁੱਖ ਕਥਾਵਾਚਕ, ਹਰਪਾਲ ਸਿੰਘ ਮੈਨੇਜ਼ਰ ਗੁ:ਹਾਜੀ ਰਤਨ ਸਾਹਿਬ ਬਠਿੰਡਾ, ਭਾਈ ਤਰਸੇਮ ਸਿੰਘ ਮੈਨੇਜ਼ਰ ਗੁ:ਭਗਤਾ ਭਾਈਕਾ, ਮਨਦੀਪ ਸਿੰਘ ਮਾਖਾ, ਗੁਰਦੇਵ ਸਿੰਘ ਸੰਧੂ, ਗੁਰਸੇਵਕ ਸਿੰਘ ਕਿੰਗਰਾ, ਗੁਰਚਰਨ ਸਿੰਘ ਜੀਦਾ ਚਾਰੇ ਮੀਤ ਮੈਨੇਜ਼ਰ, ਅਮਰੀਕ ਸਿੰਘ ਡਸਕਾ ਸਹਾਇਕ ਇੰਚਾਰਜ ਧਰਮ ਪ੍ਰਚਾਰ, ਸੀਨੀਅਰ ਅਕਾਲੀ ਆਗੂ ਐਡਵੋਕੇਟ ਸਤਿੰਦਰਪਾਲ ਸਿੰਘ ਸਿੱਧੂ, ਜਸਵਿੰਦਰ ਸਿੰਘ ਜ਼ੈਲਦਾਰ ਅਤੇ ਠਾਣਾ ਸਿੰਘ ਚੱਠਾ ਮੌਜੂਦ ਸਨ।

ਸਿੰਘ ਸਾਹਿਬ ਜਥੇਦਾਰ ਬਾਬਾ ਟੇਕ ਸਿੰਘ ਨੇ ਕੀਤੀ ਸਿਰੋਪਾਉ ਦੀ ਬਖਸ਼ਿਸ

ਆਵਾਜ਼ਿ ਕੌਮ AWAZE QAUM International Newspaper & WEB TV

ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਵਰਕਰ ਮਿਲਣੀਆਂ ਤੇਜ਼, ਚੋਟੀਆਂ ਪਿੰਡ ਦੇ ਵੱਡੀ ਗਿਣਤੀ ਪਰਿਵਾਰ ਕਾਂਗਰਸ 'ਚ ਸ਼ਾਮਿਲ





ਤਲਵੰਡੀ ਸਾਬੋ/ਮੌੜ ਮੰਡੀ, 21 ਨਵੰਬਰ (ਗੁਰਜੰਟ ਸਿੰਘ ਨਥੇਹਾ)- ਬੀਤੇ ਲੰਬੇ ਸਮੇਂ ਤੋਂ ਹਲਕਾ ਮੌੜ ਚ ਕਾਂਗਰਸ ਦੀ ਅਗਵਾਈ ਕਰ ਰਹੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਨੇ ਪਿਛਲੇ ਸਮਿਆਂ ਤੋਂ ਆਰੰਭੀਆਂ ਵਰਕਰ ਮਿਲਣੀਆਂ ਨੂੰ ਹੋਰ ਤੇਜ਼ੀ ਦਿੰਦਿਆਂ ਅੱਜ ਹਲਕੇ ਦੇ ਪਿੰਡਾਂ ਕਰਾੜਵਾਲਾ ਅਤੇ ਚੋਟੀਆਂ ਵਿਖੇ ਵਰਕਰ ਮਿਲਣੀਆਂ ਕੀਤੀਆਂ ਜਿੰਨ੍ਹਾਂ ਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਚੋਟੀਆਂ ਪਿੰਡ ਚ ਵੱਡੀ ਗਿਣਤੀ ਪਰਿਵਾਰਾਂ ਨੇ ਹੋਰ ਪਾਰਟੀਆਂ ਨੂੰ ਛੱਡ ਕਾਂਗਰਸ ਪਾਰਟੀ ਚ ਸ਼ਾਮਿਲ ਹੋਣ ਦਾ ਐਲਾਨ ਕਰ ਦਿੱਤਾ। ਟੀਮ ਸਿੱਧੂ ਵੱਲੋਂ ਮੁਹੱਈਆ ਕਰਵਾਈ ਜਾਣਕਾਰੀ ਮੁਤਾਬਿਕ ਪਿੰਡ ਕਰਾੜਵਾਲਾ ਚ ਕਾਂਗਰਸੀ ਆਗੂ ਮੱਖਣ ਸਿੰਘ ਦੇ ਘਰ ਵਿਖੇ ਵਰਕਰਾਂ ਦੀ ਭਾਰੀ ਇਕੱਤਰਤਾ ਨੂੰ ਸੰਬੋਧਨ ਹੁੰਦਿਆਂ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੇ ਰਾਜ ਚ ਪੰਜਾਬ ਦੇ ਹਾਲਾਤ ਅਣਸੁਖਾਂਵੇ ਬਣ ਗਏ ਹਨ। ਸੂਬੇ ਸਿਰ ਦਿਨ ਬ ਦਿਨ ਚੜ ਰਹੇ ਭਾਰੀ ਕਰਜ਼ੇ ਨੇ ਆਰਥਿਕ ਹਾਲਤ ਪੇਤਲੀ ਕਰ ਦਿੱਤੀ ਹੈ, ਅਮਨ ਕਾਨੂੰਨ ਦੀ ਸਥਿਤੀ ਇੰਨੇ ਬਦਤਰ ਹਾਲਾਤ ਚ ਪਹੁੰਚ ਚੁੱਕੀ ਹੈਕਿ ਪੁਲਿਸ ਮੁਲਾਜ਼ਮਾਂ ਤੱਕ ਨੂੰ ਸਮਾਜ ਵਿਰੋਧੀ ਅਨਸਰ ਖੁੱਲੇਆਮ ਨਿਸ਼ਾਨਾ ਬਣਾ ਰਹੇ ਹਨ ਪਰ ਸਰਕਾਰ ਲਾਚਾਰ ਜਾਪ ਰਹੀ ਹੈ। ਨਸ਼ਿਆਂ ਦੇ ਹਾਲਾਤ ਇੱਥੋਂ ਤੱਕ ਪਹੁੰਚ ਚੁੱਕੇ ਹਨ ਕਿ 'ਚਿੱਟੇ' ਦੀ ਹੋਮ ਡਲਿਵਰੀ ਦੀਆਂ ਰਿਪੋਰਟਾਂ ਪਿੰਡਾਂ ਚੋਂ ਆਮ ਹੀ ਆਉਣ ਲੱਗ ਪਈਆਂ ਹਨ। ਆਪਣੇ ਕਾਰਜਕਾਲ ਦੇ ਆਖਿਰੀ ਦੌਰ ਚ ਪਹੁੰਚ ਚੁੱਕੀ 'ਆਪ' ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਅੱਜ ਤੱਕ ਧਿਆਨ ਦੇਣਾ ਜ਼ਰੂਰੀ ਨਹੀ ਸਮਝਿਆ, ਕਿਸਾਨਾਂ ਦਾ ਝੋਨਾ ਮੰਡੀਆਂ ਚ ਰੁਲ ਰਿਹੈ। ਉਨਾਂ ਕਿਹਾ ਕਿ ਹਰ ਫਰੰਟ ਤੇ ਸਰਕਾਰ ਫੇਲ੍ਹ ਹੋ ਚੁੱਕੀ ਹੈ ਤੇ ਹੁਣ ਕਾਂਗਰਸੀ ਵਰਕਰਾਂ ਨੂੰ ਇਕਜੁਟਤਾ ਨਾਲ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਇੱਕ ਕਰ ਦੇਣਾ ਚਾਹੀਦੈ ਤਾਂਕਿ 2027 ਚ ਜਦੋਂ ਕਾਂਗਰਸ ਦੀ ਸਰਕਾਰ ਬਣੇ ਤਾਂ ਮੌੜ ਸੀਟ ਵੀ ਜਿੱਤਕੇ ਕਾਂਗਰਸ ਦੀ ਝੋਲੀ ਪਾਈ ਜਾ ਸਕੇ। ਉੱਧਰ ਚੋਟੀਆਂ ਪਿੰਡ ਚ ਸਾਬਕਾ ਸਰਪੰਚ ਬੰਤਾ ਸਿੰਘ ਦੇ ਘਰ ਵਰਕਰ ਮਿਲਣੀ ਦੌਰਾਨ ਪਿੰਡ ਦੇ ਵੱਡੀ ਗਿਣਤੀ ਪਰਿਵਾਰਾਂ ਨੇ ਕਾਂਗਰਸ ਚ ਸ਼ਾਮਿਲ ਹੋਣ ਦਾ ਐਲਾਨ ਕਰ ਦਿੱਤਾ। ਜੀਤਮਹਿੰਦਰ ਸਿੰਘ ਸਿੱਧੂ ਨੇ ਪਰਿਵਾਰਾਂ ਨੂੰ ਕਾਂਗਰਸ ਚ ਸ਼ਾਮਿਲ ਕਰਦਿਆਂ ਪਾਰਟੀ ਚ ਬਣਦਾ ਮਾਨ ਸਨਮਾਨ ਦੇਣ ਦਾ ਯਕੀਨ ਦਵਾਇਆ।ਇਸ ਮੌਕੇ ਹਲਕੇ ਦੇ ਵੱਡੀ ਗਿਣਤੀ ਕਾਂਗਰਸੀ ਆਗੂ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਕੂਲੀ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਪੀ.ਸੀ ਕੁਮਾਰ ਨੇ ਕੀਤੀਆਂ ਵਿਚਾਰਾਂ

ਫ਼ਿਰੋਜ਼ਪੁਰ, 21 ਨਵੰਬਰ (ਮਨੋਹਰ ਲਾਲ) :— ਸਕੂਲ ਵਿਚ ਸਵੇਰ ਦੀ ਸਭਾ ਵਿਚ ਹਮੇਸ਼ਾ ਦੀ ਤਰ੍ਹਾਂ ਸ੍ਰੀ ਪੀ ਸੀ ਕੁਮਾਰ ਹਾਜ਼ਰ ਹੋਏ ਅਤੇ ਸਕੂਲੀ ਬੱਚਿਆਂ ਨੂੰ ਆਪਣੇ ਅਣਮੁੱਲੇ, ਬੇਸ਼ਕੀਮਤੀ ਵਿਚਾਰਾਂ ਨਾਲ ਨਿਹਾਲ ਕੀਤਾ। ਉਨ੍ਹਾਂ ਬੱਚਿਆਂ ਨੂੰ ਤਿਉਹਾਰਾਂ ਦੇ ਦਿਨਾਂ ਵਿਚ ਪ੍ਰਦੂਸ਼ਨ ਨਾ ਫੈਲੇ ਅਤੇ ਬੱਚਿਆਂ ਦੀ ਚੰਗੀ ਤੇ ਨਰੋਈ ਸਿਹਤ ਦਾ ਨੁਕਸਾਨ ਨਾ ਹੋਵੇ, ਜੇਕਰ ਬੱਚੇ ਜ਼ੰਕ ਫੂਡ ਖਾ ਰਹੇ ਹਨ ਤਾਂ ਉਨ੍ਹਾਂ ਦੀ ਕੀ—ਕੀ ਨੁਕਸਾਨ ਹਨ, ਇਸ ਪ੍ਰਤੀ ਬਹੁਤ ਹੀ ਵਧੀਆ ਢੰਗ ਨਾਲ ਬੱਚਿਆਂ ਨੂੰ ਵਿਸਥਾਰ ਨਾਲ ਸਮਝਾਇਆ। ਉਨ੍ਹਾਂ ਤਿਉਹਾਰਾਂ ਦੀ ਮਹੱਤਤਾ ਬਾਰੇ ਬੱਚਿਆਂ ਨੂੰ ਬੜਾ ਹੀ ਵਧੀਆ ਸਮਝਾਇਆ ਕਿ ਸਾਨੂੰ ਹਰ ਸੰਕਟ ਵਿਚ ਸਭ ਦਾ ਸੱਚੇ ਦਿਲੋਂ ਸਾਥ ਦੇਣਾ ਚਾਹੀਦਾ ਹੈ, ਵੱਡਿਆਂ ਦਾ ਸਤਿਕਾਰ, ਮਾਤਾ—ਪਿਤਾ ਦਾ ਆਦਰ ਕਰਨ ਵਾਲੇ, ਅਧਿਆਪਕਾਂ ਨੂੰ ਸਨਮਾਨ ਦੇਣ ਵਾਲੇ ਬੱਚੇ ਹੀ ਦੇਸ਼ ਦੇ ਅੱਛੇ ਨਾਗਰਿਕ ਬਣ ਸਕਦੇ ਹਨ। ਸਕੂਲ ਦੇ ਸਾਰੇ ਬੱਚੇ ਉਨ੍ਹਾਂ ਦੇ ਇਹ ਵਿਚਾਰ ਬੜੇ ਧਿਆਨ ਨਾਲ ਸੁਣਦੇ ਦਿਖਾਈ ਦਿੱਤੇ। ਉਨ੍ਹਾਂ ਦੇ ਵਿਚਾਰ ਸੁਣ ਕੇ ਅਸੀਂ ਸਭ ਬਹੁਤ ਪ੍ਰਭਾਵਿਤ ਹੁੰਦੇ ਹਾਂ। ਇਸ ਤਰ੍ਹਾਂ ਦੀ ਸੋਚ ਵਾਲੇ ਲੋਕ ਇਸ ਦੁਨੀਆਂ ਵਿਚ ਬਹੁਤ ਹੀ ਘੱਟ ਹਨ, ਬੜੀ ਜ਼ਰੂਰਤ ਹੈ। ਸ੍ਰੀ ਪੀ.ਸੀ ਕੁਮਾਰ ਵਰਗੇ ਲੋਕਾਂ ਨੂੰ ਉਨ੍ਹਾਂ ਦਾ ਬਣਦਾ ਸਨਮਾਨ ਜ਼ਰੂਰ ਮਿਲੇ। ਸਾਡੇ ਬਹੁਤ ਸਾਰੇ ਬੱਚੇ ਇਸ ਘੋਰ ਕਲਯੁੱਗ ਦੇ ਸਮੇਂ ਵਿਚ ਅਗਰ ਬਹੁਤ ਸਾਰੀਆਂ ਬੁਰਾਈਆਂ ਤੋਂ ਬਚੇ ਹਨ ਤਾਂ ਇਹ ਸਿਹਰਾ ਉਨ੍ਹਾਂ ਦੇ ਸਿਰ ਹੀ ਜਾਂਦਾ ਹੈ। ਅਸੀਂ ਉਨ੍ਹਾਂ ਦੇ ਰਿਣੀ ਹਾਂ, ਉਹ ਸਮੇਂ—ਸਮੇਂ ਸਾਡੇ ਸਕੂਲ ਆ ਕੇ ਬੱਚਿਆਂ ਨੂੰ ਸਹੀ ਮਾਰਗ ਦਿਖਾ ਰਹੇ ਹਨ। ਭਗਵਾਨ ਉਨ੍ਹਾਂ ਦੀ ਲੰਬੀ ਉਮਰ ਕਰੇ ਕਿਉਂਕਿ ਸਮਾਜ ਨੂੰ ਐਸੇ ਇਨਸਾਨਾਂ ਦੀ ਬੜੀ ਜ਼ਰੂਰਤ ਹੈ ਬਰਾਅਦ ਵਿਚ ਬੱਚਿਆਂ ਤੇ ਅਧਿਆਪਕਾਂ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ।

ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਦਾਦੀ ਚਰਨ ਕੌਰ ਦੇ ਸਸਕਾਰ ਮੌਕੇ ਹਜਾਰਾਂ ਸੰਗਤਾਂ ਨੇ ਭਰੀ ਹਾਜ਼ਰੀ

ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੇ ਉਨ੍ਹਾਂ ਨੂੰ ਡਿਬਰੂਗੜ੍ਹ ਲਈ ਜੈਕਾਰਿਆਂ ਦੀ ਗੂੰਜ ਨਾਲ ਕੀਤਾ ਰਵਾਨਾ

ਜੰਡਿਆਲਾ ਗੁਰੂ, 21 ਨਵੰਬਰ (ਕੁਲਵੰਤ ਸਿੰਘ ਵਿਰਦੀ)-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੀ ਦਾਦੀ ਮਾਤਾ ਬੀਬੀ ਚਰਨ ਕੌਰ (84 ਸਾਲ) ਦਾ ਅੰਤਿਮ ਸਸਕਾਰ ਅੱਜ ਉਨ੍ਹਾਂ ਦੇ ਜੱਦੀ ਪਿੰਡ ਜਲੂਪੁਰ ਖੇੜਾ ਵਿਖੇ ਬਹੁਤ ਹੀ ਸ਼ਾਂਤਮਈ ਤੇ ਗਮਗੀਨ ਮਾਹੌਲ 'ਚ ਸੰਪੂਰਨ ਹੋ ਗਿਆ। ਮਾਤਾ ਚਰਨ ਕੌਰ ਦਾ 8 ਨਵੰਬਰ ਨੂੰ ਲੰਬੀ ਬਿਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ ਸੀ। ਪਰਿਵਾਰ ਨੇ ਉਨ੍ਹਾਂ ਦਾ ਸਸਕਾਰ ਉਦੋਂ ਤੱਕ ਰੋਕ ਕੇ ਰੱਖਿਆ, ਜਦੋਂ ਤੱਕ ਅੰਮ੍ਰਿਤਪਾਲ ਸਿੰਘ ਨਾ ਆ ਜਾਣ। ਕਰੀਬ 13 ਦਿਨਾਂ ਦੀ ਉਡੀਕ ਤੋਂ ਬਾਅਦ ਅੱਜ ਪਰਿਵਾਰ ਦੀ ਇਹ ਇੱਛਾ ਪੂਰੀ ਹੋਈ । ਅੰਮ੍ਰਿਤਪਾਲ ਸਿੰਘ 23 ਅਪ੍ਰੈਲ 2023 ਦੀ ਗ੍ਰਿਫਤਾਰੀ ਤੋਂ ਬਾਅਦ ਪਹਿਲੀ ਵਾਰ ਪੰਜਾਬ ਪਹੁੰਚੇ। ਉਹ ਸ਼ੁੱਕਰਵਾਰ ਨੂੰ ਅਸਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਦਿੱਲੀ ਲਿਆਂਦੇ ਗਏ ਤੇ ਅੱਜ ਸਵੇਰੇ 8:30 ਵਜੇ ਅੰਮ੍ਰਿਤਸਰ ਏਅਰਪੋਰਟ 'ਤੇ ਪਹੁੰਚੇ। ਅੰਮ੍ਰਿਤਸਰ ਅਦਾਲਤ ਨੇ ਉਨ੍ਹਾਂ ਨੂੰ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਸਿਰਫ਼ 3 ਘੰਟੇ ਦੀ ਕਸਟਡੀ ਪੈਰੋਲ ਦਿੱਤੀ ਸੀ ਦੁਪਹਿਰ 12 ਵਜੇ ਦੇ ਕਰੀਬ ਜਦੋਂ ਉਹ ਬੁਲੇਟਪਰੂਫ ਗੱਡੀ 'ਚ ਆਪਣੇ ਘਰ ਪਹੁੰਚੇ ਤਾਂ ਪੂਰਾ ਪਿੰਡ ਭਾਵੁਕ ਹੋ ਗਿਆ। ਉਨ੍ਹਾਂ ਨੇ ਹੱਥ ਜੋੜ ਕੇ ਸਾਰਿਆਂ ਦਾ ਸਤਿਕਾਰ ਕੀਤਾ । ਘਰ ਤੋਂ ਕਰੀਬ 1.5 ਕਿਲੋਮੀਟਰ ਦੂਰ ਪਰਿਵਾਰ ਦੀ ਨਿੱਜੀ ਜ਼ਮੀਨ 'ਚ ਸਸਕਾਰ ਦਾ ਪ੍ਰਬੰਧ ਕੀਤਾ ਗਿਆ ਸੀ। ਪਹਿਲਾਂ ਗੁਰਬਾਣੀ ਕੀਰਤਨ ਤੇ ਅੰਤਿਮ ਅਰਦਾਸ ਹੋਈ। ਇਸ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਦੇ ਪਿਤਾ ਸਰਦਾਰ ਤਰਸੇਮ ਸਿੰਘ ਨੇ ਆਪਣੀ ਮਾਤਾ ਬੀਬੀ ਚਰਨ ਕੌਰ ਨੂੰ ਅਗਨ ਭੇਟ ਕੀਤਾ । ਇਸ ਦੌਰਾਨ ਅੰਮ੍ਰਿਤਪਾਲ ਸਿੰਘ ਨਾਲ ਖੜ੍ਹੇ ਰਹੇ ਤੇ ਸਾਰੀ ਰਸਮ ਗੁਰਮਤਿ ਮਰਿਆਦਾ ਅਨੁਸਾਰ ਨਿਭਾਈ ਗਈ। ਸਸਕਾਰ ਦੌਰਾਨ ਹਜਾਰਾਂ ਦੀ ਗਿਣਤੀ ਵਿਚ ਆਪਣੇ ਹਰਮਨ ਪਿਆਰੇ ਨੇਤਾ ਨੂੰ ਦੇਖਣ ਅਤੇ ਅੰਤਿਮ ਰਸਮਾਂ ਵਿਚ ਸ਼ਾਮਿਲ ਹੋਣ ਲਈ ਦੇਸ਼ ਵਿਦੇਸ਼ ਤੋਂ ਪਹੁੰਚੇ ਹੋਏ ਸਨ । ਪਿੰਡ ਜਾਣ ਵਾਲੀਆਂ ਸੜਕਾਂ 'ਤੇ ਲੰਬਾ ਜਾਮ ਲੱਗਿਆ ਹੋਇਆ ਸੀ । ਪਰਿਵਾਰ ਵੱਲੋਂ ਸੰਗਤ ਲਈ 3-4 ਥਾਵਾਂ 'ਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ ਸੀ ਤੇ 5 ਏਕੜ ਜ਼ਮੀਨ 'ਤੇ ਪਾਰਕਿੰਗ ਬਣਾਈ ਗਈ ਸੀ। ਵਾਰਿਸ ਪੰਜਾਬ ਦੇ ਕਰੀਬ 200-250 ਵਲੰਟੀਅਰਾਂ ਨੇ ਵੀ ਸੰਗਤ ਦੀ ਸੇਵਾ 'ਚ ਡਿਊਟੀ ਨਿਭਾਈ।

ਪਿੰਡ ਨੂੰ ਪੂਰੀ ਤਰ੍ਹਾਂ ਪੁਲਿਸ ਛਾਉਣੀ 'ਚ ਬਦਲ ਦਿੱਤਾ ਗਿਆ ਸੀ। 700 ਤੋਂ 1000 ਪੁਲਿਸ ਮੁਲਾਜ਼ਮ ਤਾਇਨਾਤ ਸਨ। ਪਿੰਡ 'ਚ ਆਉਣ ਵਾਲੇ ਹਰ ਰਸਤੇ 'ਤੇ ਨਾਕੇ ਲਗਾਏ ਗਏ ਸਨ। ਸਸਕਾਰ ਵਾਲੀ ਥਾਂ ਦੇ ਆਲੇ-ਦੁਆਲੇ ਬੈਰੀਕੇਡ ਲਗਾਏ ਗਏ ਸਨ।ਅੰਮ੍ਰਿਤਪਾਲ ਸਿੰਘ ਨੂੰ ਸਿਰਫ਼ ਪਰਿਵਾਰ ਹੀ ਮਿਲ ਸਕਿਆ। ਅਦਾਲਤ ਦੇ ਹੁਕਮਾਂ ਮੁਤਾਬਕ ਉਨ੍ਹਾਂ ਨੇ ਨਾ ਤਾਂ ਕੋਈ ਭਾਸ਼ਣ ਦਿੱਤਾ ਤੇ ਨਾ ਹੀ ਮੀਡੀਆ ਨਾਲ ਗੱਲ ਕੀਤੀ। SSP ਅੰਮ੍ਰਿਤਸਰ ਦਿਹਾਤੀ ਨੇ ਖੁਦ ਪਿੰਡ ਪਹੁੰਚ ਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਕਿਹਾ ਕਿ ਸਸਕਾਰ ਪੂਰੀ ਤਰ੍ਹਾਂ ਸ਼ਾਂਤਮਈ ਢੰਗ ਨਾਲ ਸੰਪੂਰਨ ਹੋ ਗਿਆ ਹੈ। 3 ਵਜੇ ਤੋਂ ਬਾਅਦ ਪੁਲਿਸ ਅੰਮ੍ਰਿਤਪਾਲ ਸਿੰਘ ਨੂੰ ਵਾਪਸ ਲੈ ਗਈ। ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੇ ਓਹਨਾਂ ਨੂੰ ਜੈਕਾਰਿਆਂ ਦੀ ਗੂੰਜ ਨਾਲ ਰਵਾਨਾ ਕੀਤਾ ।22 ਨਵੰਬਰ ਨੂੰ ਫੁੱਲ ਚੁਗਣ ਦੀ ਰਸਮ ਤੇ 23 ਨਵੰਬਰ ਨੂੰ ਭੋਗ ਅੰਤਿਮ ਅਰਦਾਸ ਹੋਵੇਗੀ, ਜਿਸ 'ਚ ਅੰਮ੍ਰਿਤਪਾਲ ਸਿੰਘ ਵੀਡੀਓ ਕਾਨਫਰੰਸਿੰਗ ਰਾਹੀਂ ਸ਼ਾਮਲ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV



ਅਮਰੀਕੀ ਨਿਆਂ ਵਿਭਾਗ ਵੱਲੋਂ ਵੱਡੇ ਖ਼ੁਲਾਸੇ

ਪੰਨੂੰ ਕਤਲ ਸਾਜ਼ਿਸ਼ ਮਾਮਲੇ 'ਚ ਨਿਖਿਲ ਗੁਪਤਾ ਨੂੰ 19 ਸਾਲ 7 ਮਹੀਨੇ ਦੀ ਕੈਦ, ਅਮਰੀਕੀ ਅਦਾਲਤ 'ਚ ਗੂੰਜਿਆ ਸਿੱਖਾਂ ਉੱਤੇ ਜ਼ੁਲਮਾਂ ਦਾ ਮੁੱਦਾ

☛ ਗੁਰਪਤਵੰਤ ਸਿੰਘ ਪੰਨੂੰ ਨੇ 20 ਮਿੰਟ ਦੇ ਬਿਆਨ 'ਚ ਸੰਤ ਭਿੰਡਰਾਂਵਾਲੇ, ਗਿਆਨੀ ਗੁਰਦੇਵ ਸਿੰਘ ਕਾਉਂਕੇ, ਗੁਰਬਚਨ ਸਿੰਘ ਮਾਨੋਚਾਹਲ ਅਤੇ ਭਾਈ ਪਰਮਜੀਤ ਸਿੰਘ ਪੰਮਾ ਦੇ ਪਰਿਵਾਰ ਦਾ ਕੀਤਾ ਜ਼ਿਕਰ ☛ ਨਿਖਿਲ ਗੁਪਤਾ ਨੇ ਅਦਾਲਤ 'ਚ ਪੰਨੂੰ ਅਤੇ ਸਿੱਖ ਭਾਈਚਾਰੇ ਤੋਂ ਮੰਗੀ ਮੁਆਫ਼ੀ, ਕਿਹਾ ਜੋ ਕੀਤਾ, ਉਸ ਨੂੰ ਬਦਲ ਨਹੀਂ ਸਕਦਾ ☛ ਭਾਰਤੀ ਸਰਕਾਰ ਦੇ ਰਾਅ ਏਜੰਸੀ ਦੇ ਵਿਕਾਸ ਯਾਦਵ ਦੀਆਂ ਹਦਾਇਤਾਂ 'ਤੇ ਰਚੀ ਗਈ ਸੀ ਕਤਲ ਦੀ ਸਾਜ਼ਿਸ਼ : ਅਮਰੀਕੀ ਨਿਆਂ ਵਿਭਾਗ





ਨਿਊਯਾਰਕ/ਲੰਡਨ, 21 ਨਵੰਬਰ (ਸਰਬਜੀਤ ਸਿੰਘ ਬਨੂੜ)- ਅਮਰੀਕਾ ਵਿੱਚ ਖ਼ਾਲਿਸਤਾਨੀ ਆਗੂ ਅਤੇ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਦੇ ਕਤਲ ਦੀ ਸਾਜ਼ਿਸ਼ ਦੇ ਮਾਮਲੇ ਵਿੱਚ ਭਾਰਤੀ ਨਾਗਰਿਕ ਨਿਖਿਲ ਗੁਪਤਾ ਨੂੰ 235 ਮਹੀਨੇ, ਭਾਵ 19 ਸਾਲ 7 ਮਹੀਨੇ ਦੀ ਕੈਦ ਸੁਣਾਏ ਜਾਣ ਦੌਰਾਨ ਨਿਊਯਾਰਕ

ਆਵਾਜ਼ਿ ਕੌਮ AWAZE QAUM International Newspaper & WEB TV

ਦੀ ਸੰਘੀ ਅਦਾਲਤ ਵਿੱਚ ਸਿੱਖਾਂ ਦੇ ਇਤਿਹਾਸ, 1984 ਦੇ ਕਤਲੇਆਮ ਅਤੇ ਭਾਰਤ ਵਿੱਚ ਸਿੱਖ ਕਾਰਕੁਨਾਂ ਖ਼ਿਲਾਫ਼ ਕਥਿਤ ਦਮਨ ਦਾ ਮੁੱਦਾ ਵੀ ਉਠਿਆ। ਸਜ਼ਾ ਸੁਣਾਉਣ ਤੋਂ ਪਹਿਲਾਂ ਗੁਰਪਤਵੰਤ ਸਿੰਘ ਪੰਨੂੰ ਨੇ ਅਦਾਲਤ ਵਿੱਚ ਕਰੀਬ 20 ਮਿੰਟ ਦਾ ਬਿਆਨ ਦਿੱਤਾ, ਜਦਕਿ ਨਿਖਿਲ ਗੁਪਤਾ ਨੇ ਆਪਣੇ ਕੀਤੇ ਅਪਰਾਧ ਲਈ ਪੰਨੂੰ ਅਤੇ ਸਿੱਖ ਭਾਈਚਾਰੇ ਤੋਂ ਮੁਆਫ਼ੀ ਮੰਗੀ ਹੈ।

ਅਮਰੀਕੀ ਜ਼ਿਲ੍ਹਾ ਜੱਜ ਵਿਕਟਰ ਮਾਰੇਰੋ ਦੀ ਅਦਾਲਤ ਵਿੱਚ ਪੰਨੂੰ ਨੇ ਪੀੜਤ ਵਜੋਂ ਆਪਣਾ ਬਿਆਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਸ਼ਬਦ 'ਜਉ ਤਉ ਪ੍ਰੇਮ ਖੇਲਣ ਕਾ ਚਾਉ ॥ ਸਿਰੁ ਧਰਿ ਤਲੀ ਗਲੀ ਮੇਰੀ ਆਉ ॥' ਨਾਲ ਸ਼ੁਰੂ ਕੀਤਾ। ਉਨ੍ਹਾਂ ਕਿਹਾ ਕਿ ਉਹ ਅੱਜ ਅਦਾਲਤ ਵਿੱਚ ਸਿਰਫ਼ ਆਪਣੀ ਜਾਨ ਨੂੰ ਪੈਦਾ ਹੋਏ ਖ਼ਤਰੇ ਦੀ ਗੱਲ ਕਰਨ ਨਹੀਂ ਆਏ, ਸਗੋਂ ਉਨ੍ਹਾਂ ਹਜ਼ਾਰਾਂ ਸਿੱਖਾਂ ਦੀ ਆਵਾਜ਼ ਵੀ ਬਣ ਕੇ ਖੜ੍ਹੇ ਹਨ, ਜਿਨ੍ਹਾਂ ਨੇ ਆਪਣੇ ਧਾਰਮਿਕ ਅਤੇ ਸਿਆਸੀ ਵਿਸ਼ਵਾਸਾਂ ਕਾਰਨ ਜਾਨਾਂ ਗੁਆਈਆਂ।

ਪੰਨੂੰ ਨੇ ਆਪਣੇ ਬਿਆਨ ਵਿੱਚ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ, ਜੂਨ 1984 ਦੇ ਫ਼ੌਜੀ ਹਮਲੇ ਦੌਰਾਨ ਮਾਰੇ ਗਏ ਸਿੱਖਾਂ, ਆਪ੍ਰੇਸ਼ਨ ਵੁੱਡਰੋਜ਼ ਅਤੇ ਨਵੰਬਰ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਦਾ ਵਿਸ਼ੇਸ਼ ਜ਼ਿਕਰ ਕੀਤਾ। ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਦੇਵ ਸਿੰਘ ਕਾਉਂਕੇ ਅਤੇ ਭਾਈ ਗੁਰਬਚਨ ਸਿੰਘ ਮਾਨੋਚਾਹਲ ਦਾ ਨਾਂ ਲੈਂਦਿਆਂ ਸਿੱਖ ਸੰਘਰਸ਼ ਦੌਰਾਨ ਹੋਈਆਂ ਮੌਤਾਂ ਅਤੇ ਮਨੁੱਖੀ ਅਧਿਕਾਰਾਂ ਦੀਆਂ ਕਥਿਤ ਉਲੰਘਣਾਵਾਂ ਦਾ ਮੁੱਦਾ ਉਠਾਇਆ।

ਇਸੇ ਦੌਰਾਨ ਪੰਨੂੰ ਨੇ ਬਰਤਾਨੀਆ ਵਿੱਚ ਖ਼ਾਲਿਸਤਾਨ ਰੈਫਰੈਂਡਮ ਨਾਲ ਜੁੜੇ ਆਗੂ ਭਾਈ ਪਰਮਜੀਤ ਸਿੰਘ ਪੰਮਾ ਦੇ ਭਰਾ ਪਰਮਿੰਦਰ ਸਿੰਘ ਰਾਜਾ ਦਾ ਵੀ ਜ਼ਿਕਰ ਕੀਤਾ। ਪੰਨੂੰ ਨੇ ਆਪਣੇ ਬਿਆਨ ਵਿੱਚ ਦੋਸ਼ ਲਾਇਆ ਕਿ ਪਰਮਿੰਦਰ ਸਿੰਘ ਰਾਜਾ ਨੂੰ ਸਾਲ 1991 ਵਿੱਚ ਭਾਰਤੀ ਸੁਰੱਖਿਆ ਬਲਾਂ ਵੱਲੋਂ ਤਸ਼ੱਦਦ ਕਰਕੇ ਮਾਰ ਦਿੱਤਾ ਗਿਆ ਸੀ। ਉਨ੍ਹਾਂ ਨੇ ਡਾਕਟਰ ਜਗਦੀਸ਼ ਸਿੰਘ ਬੁੱਟਰ ਅਤੇ ਹੋਰ ਸਿੱਖ ਕਾਰਕੁਨਾਂ ਦੇ ਮਾਮਲੇ ਵੀ ਅਦਾਲਤ ਅੱਗੇ ਰੱਖੇ।

ਪੰਨੂੰ ਨੇ ਕਿਹਾ ਕਿ ਭਾਰਤ ਵਿੱਚ ਖ਼ਾਲਿਸਤਾਨ ਦੀ ਮੰਗ ਕਰਨ ਵਾਲੇ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਇਆ ਜਾਂਦਾ ਰਿਹਾ ਹੈ ਅਤੇ ਵਿਦੇਸ਼ਾਂ ਵਿੱਚ ਵੀ ਕਈ ਆਗੂਆਂ ਦੀ ਜਾਨ ਨੂੰ ਖ਼ਤਰਾ ਬਣਿਆ ਹੋਇਆ ਹੈ। ਉਨ੍ਹਾਂ ਨੇ ਭਾਰਤ ਦੀ ਕਥਿਤ ਹਿੱਟ ਲਿਸਟ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ ਉਨ੍ਹਾਂ ਖ਼ਿਲਾਫ਼ ਰਚੀ ਗਈ ਕਤਲ ਦੀ ਸਾਜ਼ਿਸ਼ ਸਿਰਫ਼ ਇੱਕ ਵਿਅਕਤੀ ਨੂੰ ਨਿਸ਼ਾਨਾ ਬਣਾਉਣ ਤੱਕ ਸੀਮਤ ਨਹੀਂ ਸੀ, ਸਗੋਂ ਖ਼ਾਲਿਸਤਾਨ ਰੈਫਰੈਂਡਮ ਨਾਲ ਜੁੜੇ ਕਾਰਕੁਨਾਂ ਨੂੰ ਡਰਾਉਣ ਦੀ ਕੋਸ਼ਿਸ਼ ਸੀ।



ਪੰਨੂੰ ਨੇ ਆਪਣੇ ਨਜ਼ਦੀਕੀ ਸਾਥੀ ਅਤੇ ਕੈਨੇਡਾ ਵਿੱਚ ਕਤਲ ਕੀਤੇ ਗਏ ਭਾਈ ਹਰਦੀਪ ਸਿੰਘ ਨਿੱਝਰ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਕਤਲ ਦੀ ਸਾਜ਼ਿਸ਼ ਸਾਹਮਣੇ ਆਉਣ ਤੋਂ ਬਾਅਦ ਉਨ੍ਹਾਂ ਦੀ ਨਿੱਜੀ ਅਤੇ ਪੇਸ਼ੇਵਰ ਜ਼ਿੰਦਗੀ ਪ੍ਰਭਾਵਿਤ ਹੋਈ ਹੈ।ਉਨ੍ਹਾਂ ਮੁਤਾਬਕ ਪਿਛਲੇ 1200 ਤੋਂ ਵੱਧ ਦਿਨਾਂ ਤੋਂ ਉਹ ਆਪਣੀ ਵਕਾਲਤ ਦੀ ਆਮ ਪ੍ਰੈਕਟਿਸ ਨਹੀਂ ਕਰ ਸਕੇ ਅਤੇ ਸੁਰੱਖਿਆ ਪ੍ਰਬੰਧਾਂ ਹੇਠ ਜ਼ਿੰਦਗੀ ਗੁਜ਼ਾਰ ਰਹੇ ਹਨ।

ਪੰਨੂੰ ਦਾ ਬਿਆਨ ਕਰੀਬ 20 ਮਿੰਟ ਚੱਲਿਆ।ਸੁਣਵਾਈ ਦੌਰਾਨ ਇੱਕ ਮੌਕੇ 'ਤੇ ਜੱਜ ਵਿਕਟਰ ਮਾਰੇਰੋ ਨੇ ਉਨ੍ਹਾਂ ਨੂੰ ਆਪਣੀ ਗੱਲ ਸੰਖੇਪ ਵਿੱਚ ਸਮਾਪਤ ਕਰਨ ਲਈ ਵੀ ਕਿਹਾ ਤਾਂ ਜੋ ਅਦਾਲਤੀ ਕਾਰਵਾਈ ਅੱਗੇ ਵਧ ਸਕੇ।

ਇਸੇ ਸੁਣਵਾਈ ਦੌਰਾਨ ਨਿਖਿਲ ਗੁਪਤਾ ਨੇ ਅੰਗਰੇਜ਼ੀ ਵਿੱਚ ਕਰੀਬ ਛੇ ਮਿੰਟ ਆਪਣਾ ਬਿਆਨ ਦਿੱਤਾ। ਉਸ ਨੇ ਪੰਨੂੰ ਅਤੇ ਸਿੱਖ ਭਾਈਚਾਰੇ ਤੋਂ ਮੁਆਫ਼ੀ ਮੰਗਦਿਆਂ ਕਿਹਾ ਕਿ ਉਹ ਆਪਣੇ ਕੀਤੇ ਨੂੰ ਹੁਣ ਬਦਲ ਨਹੀਂ ਸਕਦਾ। ਉਸ ਨੇ ਕਿਹਾ ਕਿ ਉਸ ਦੇ ਪਰਿਵਾਰ, ਪਤਨੀ, ਬੱਚਿਆਂ ਅਤੇ ਮਾਤਾ ਨੂੰ ਵੀ ਉਸ ਦੇ ਕੀਤੇ ਦੀ ਸਜ਼ਾ ਭੁਗਤਣੀ ਪੈ ਰਹੀ ਹੈ, ਜਦਕਿ ਉਨ੍ਹਾਂ ਦਾ ਇਸ ਅਪਰਾਧ ਨਾਲ ਕੋਈ ਸਬੰਧ ਨਹੀਂ ਸੀ। ਗੁਪਤਾ ਨੇ ਅਦਾਲਤ ਨੂੰ ਦੱਸਿਆ ਕਿ ਉਹ ਆਪਣੀ ਜ਼ਿੰਮੇਵਾਰੀ ਸਵੀਕਾਰ ਕਰਦਾ ਹੈ ਅਤੇ ਅਦਾਲਤ ਵੱਲੋਂ ਸੁਣਾਈ ਜਾਣ ਵਾਲੀ ਸਜ਼ਾ ਨੂੰ ਮੰਨੇਗਾ।

ਦੂਜੇ ਪਾਸੇ ਅਮਰੀਕੀ ਨਿਆਂ ਵਿਭਾਗ ਅਨੁਸਾਰ ਵਿਕਾਸ ਯਾਦਵ ਉਸ ਸਮੇਂ ਭਾਰਤ ਸਰਕਾਰ ਦੇ ਕੈਬਨਿਟ ਸਕੱਤਰੇਤ ਵਿੱਚ ਕੰਮ ਕਰਦਾ ਸੀ, ਜਿਸ ਅਧੀਨ ਭਾਰਤ ਦੀ ਵਿਦੇਸ਼ੀ ਖ਼ੁਫ਼ੀਆ ਏਜੰਸੀ ਰਿਸਰਚ ਐਂਡ ਐਨਾਲਿਸਿਸ ਵਿੰਗ (ਰਾਅ) ਕੰਮ ਕਰਦੀ ਹੈ ਤੇ ਨਿਖਿਲ ਗੁਪਤਾ ਨੇ ਵਿਕਾਸ ਯਾਦਵ ਦੀਆਂ ਹਦਾਇਤਾਂ 'ਤੇ ਪੰਨੂੰ ਦੇ ਕਤਲ ਦੀ ਸਾਜ਼ਿਸ਼ ਵਿੱਚ ਭੂਮਿਕਾ ਨਿਭਾਈ ਸੀ। ਅਮਰੀਕੀ ਜਾਂਚ ਏਜੰਸੀਆਂ ਅਨੁਸਾਰ ਕਤਲ ਲਈ ਇੱਕ ਲੱਖ ਡਾਲਰ ਦਾ ਸਮਝੌਤਾ ਕੀਤਾ ਗਿਆ ਸੀ ਅਤੇ 15 ਹਜ਼ਾਰ ਡਾਲਰ ਪੇਸ਼ਗੀ ਰਕਮ ਦਿੱਤੀ ਗਈ ਸੀ। ਪਰ ਜਿਸ ਵਿਅਕਤੀ ਨੂੰ ਕਿਰਾਏ ਦਾ ਕਾਤਲ ਸਮਝਿਆ ਜਾ ਰਿਹਾ ਸੀ, ਉਹ ਅਸਲ ਵਿੱਚ ਅਮਰੀਕੀ ਡਰੱਗ ਇਨਫੋਰਸਮੈਂਟ ਐਡਮਿਨਿਸਟ੍ਰੇਸ਼ਨ ਦਾ ਅੰਡਰਕਵਰ ਅਧਿਕਾਰੀ ਸੀ। ਅਮਰੀਕੀ ਨਿਆਂ ਵਿਭਾਗ ਨੇ ਇਹ ਵੀ ਦੱਸਿਆ ਕਿ 18 ਜੂਨ 2023 ਨੂੰ ਕੈਨੇਡਾ ਵਿੱਚ ਹਰਦੀਪ ਸਿੰਘ ਨਿੱਝਰ ਦੇ ਕਤਲ ਤੋਂ ਅਗਲੇ ਦਿਨ ਗੁਪਤਾ ਨੇ ਗੱਲਬਾਤ ਦੌਰਾਨ ਨਿੱਝਰ ਨੂੰ ਵੀ ਇੱਕ ਨਿਸ਼ਾਨਾ ਦੱਸਿਆ ਸੀ। ਨਿਆਂ ਵਿਭਾਗ ਮੁਤਾਬਕ ਗੁਪਤਾ ਨੇ ਨਿੱਝਰ ਦੇ ਕਤਲ ਤੋਂ ਬਾਅਦ ਪੰਨੂੰ ਖ਼ਿਲਾਫ਼ ਯੋਜਨਾ ਨੂੰ ਅੱਗੇ ਵਧਾਉਣ ਦੀ ਗੱਲ ਕੀਤੀ ਸੀ। ਜ਼ਿਕਰਯੋਗ ਹੈ ਕਿ ਗੁਪਤਾ ਨੇ ਫਰਵਰੀ 2026 ਵਿੱਚ ਪੈਸੇ ਦੇ ਕੇ ਕਤਲ ਕਰਵਾਉਣ, ਇਸ ਦੀ ਸਾਜ਼ਿਸ਼ ਰਚਣ ਅਤੇ ਮਨੀ ਲਾਂਡਰਿੰਗ ਦੀ ਸਾਜ਼ਿਸ਼ ਨਾਲ ਸਬੰਧਤ ਦੋਸ਼ ਕਬੂਲ ਕਰ ਲਏ ਸਨ। ਅਮਰੀਕੀ ਸਰਕਾਰੀ ਵਕੀਲਾਂ ਵੱਲੋਂ 293 ਮਹੀਨੇ ਦੀ ਸਜ਼ਾ ਦੀ ਮੰਗ ਕੀਤੀ ਗਈ ਸੀ, ਜਦਕਿ ਬਚਾਅ ਪੱਖ ਨੇ 12 ਸਾਲ ਦੀ ਕੈਦ ਦੀ ਅਪੀਲ ਕੀਤੀ ਸੀ।ਅਦਾਲਤ ਨੇ ਦੋਵਾਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ 235 ਮਹੀਨੇ ਦੀ ਕੈਦ ਸੁਣਾਈ। ਇਸ ਮਾਮਲੇ ਵਿੱਚ ਸਹਿ-ਮੁਲਜ਼ਮ ਵਿਕਾਸ ਯਾਦਵ ਖ਼ਿਲਾਫ਼ ਵੀ ਅਮਰੀਕਾ ਵਿੱਚ ਦੋਸ਼ ਆਇਦ ਹਨ, ਪਰ ਉਸ ਖ਼ਿਲਾਫ਼ ਦੋਸ਼ ਅਜੇ ਅਦਾਲਤ ਵਿੱਚ ਸਾਬਤ ਹੋਣੇ ਬਾਕੀ ਹਨ। ਅਮਰੀਕੀ ਨਿਆਂ ਵਿਭਾਗ ਨੇ ਕਿਹਾ ਕਿ ਇਹ ਸਜ਼ਾ ਉਨ੍ਹਾਂ ਸਾਰਿਆਂ ਲਈ ਚਿਤਾਵਨੀ ਹੈ ਜੋ ਅਮਰੀਕੀ ਧਰਤੀ 'ਤੇ ਕਿਸੇ ਵਿਅਕਤੀ ਵਿਰੁੱਧ ਹਿੰਸਕ ਸਾਜ਼ਿਸ਼ ਰਚਦੇ ਹਨ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ

ਜ਼ਿੰਦਗੀ ਦਾ ਅਸਲ ਸੱਚ, ਅਜੋਕੇ ਸਮਾਜ ਦੀ ਹਕੀਕਤ ਅਤੇ ਗੁਰੂ ਨਾਨਕ ਦੇ ਸਿੱਖ, ਆਖ਼ਰ ਅਸੀਂ ਕਿੱਥੇ ਖੜ੍ਹੇ ਹਾਂ ?

‘ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ’ ਦਾ ਇਲਾਹੀ ਸੁਨੇਹਾ ! ਕੀ ਸਾਡੀ ਜ਼ਿੰਦਗੀ ਵਿੱਚ ਬਾਬਾ ਗੁਰੂ ਨਾਨਕ ਦੀ ਸੋਚ ਦਾ ਚਾਨਣ ਅੱਜ ਵੀ ਬਾਕੀ ਹੈ ਜਾਂ ਅਸੀਂ ਸਿਰਫ਼ ਰਸਮਾਂ ਤੱਕ ਸਿਮਟ ਕੇ ਰਹਿ ਗਏ ਹਾਂ ?

-ਸਰਬਜੀਤ ਸਿੰਘ ਬਨੂੜ



ਜ਼ਿੰਦਗੀ ਦਾ ਸਭ ਤੋਂ ਵੱਡਾ ਸੱਚ ਇਹ ਹੈ ਕਿ ਮਨੁੱਖ ਇਸ ਦੁਨੀਆ ਵਿੱਚ ਖਾਲੀ ਹੱਥ ਆਉਂਦਾ ਹੈ ਅਤੇ ਖਾਲੀ ਹੱਥ ਹੀ ਚਲਾ ਜਾਂਦਾ ਹੈ ਪਰ ਇਨ੍ਹਾਂ ਦੋ ਪਲਾਂ ਦੇ ਵਿਚਕਾਰ ਉਹ ਆਪਣੀ ਸਾਰੀ ਉਮਰ ਧਨ, ਦੌਲਤ, ਜ਼ਮੀਨਾਂ, ਮਕਾਨਾਂ, ਅਹੁਦਿਆਂ ਅਤੇ ਸ਼ੋਹਰਤ ਦੇ ਪਿੱਛੇ ਦੌੜਦਾ ਰਹਿੰਦਾ ਹੈ ਤੇ ਜਿਸ ਘਰ ਨੂੰ ਬਣਾਉਣ ਲਈ ਸਾਰੀ ਉਮਰ ਲਾ ਦਿੰਦਾ ਹੈ, ਆਖ਼ਰ ਇੱਕ ਦਿਨ ਉਸੇ ਘਰ ਵਿੱਚੋਂ ਉਸ ਦੀ ਅਰਥੀ ਚੁੱਕੀ ਜਾਂਦੀ ਹੈ। ਜਿਸ ਦੌਲਤ ਲਈ ਆਪਣੇ ਰਿਸ਼ਤੇ ਤੋੜ ਲੈਂਦਾ ਹੈ, ਉਹ ਦੌਲਤ ਕਿਸੇ ਹੋਰ ਦੇ ਹਿੱਸੇ ਆ ਜਾਂਦੀ ਹੈ। ਫਿਰ ਸਵਾਲ ਪੈਦਾ ਹੁੰਦਾ ਹੈ ਕਿ ਮਨੁੱਖ ਨੇ ਆਪਣੀ ਜ਼ਿੰਦਗੀ ਵਿੱਚ ਅਸਲ ਕਮਾਇਆ ਕੀ ?

ਇਸੇ ਸਵਾਲ ਦਾ ਜਵਾਬ ਸਾਢੇ ਪੰਜ ਸਦੀਆਂ ਪਹਿਲਾਂ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਨੂੰ ਦਿੱਤਾ ਸੀ। ਉਨ੍ਹਾਂ ਨੇ ਮਨੁੱਖ ਨੂੰ ਸਿਰਫ਼ ਧਰਮ ਦੇ ਰਸਤੇ ’ਤੇ ਹੀ ਨਹੀਂ ਤੋਰਿਆ, ਸਗੋਂ ਜ਼ਿੰਦਗੀ ਜਿਊਣ ਦਾ ਸੱਚਾ ਢੰਗ ਵੀ ਸਮਝਾਇਆ। ਉਨ੍ਹਾਂ ਦੀਆਂ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖਿਆਵਾਂ ਦਾ ਨਿਚੋੜ ‘ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ’ ਹੈ। ਇਹ ਤਿੰਨ ਸਿਧਾਂਤ ਕੇਵਲ ਧਾਰਮਿਕ ਉਪਦੇਸ਼ ਨਹੀਂ, ਸਗੋਂ ਇੱਕ ਚੰਗੇ ਸਮਾਜ ਦੀ ਨੀਂਹ ਹਨ।

24 ਨਵੰਬਰ 2026 ਨੂੰ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ 557ਵਾਂ ਪ੍ਰਕਾਸ਼ ਪੁਰਬ ਦੁਨੀਆ ਭਰ ਵਿੱਚ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਗੁਰਦੁਆਰੇ ਰੌਸ਼ਨੀਆਂ ਨਾਲ ਸਜਾਏ ਜਾਣਗੇ, ਨਗਰ ਕੀਰਤਨ ਸਜਣਗੇ, ਕੀਰਤਨ ਦਰਬਾਰ ਹੋਣਗੇ ਅਤੇ ਗੁਰੂ ਕੇ ਲੰਗਰ ਵਰਤਾਏ ਜਾਣਗੇ ਪਰ ਇਸ ਪਵਿੱਤਰ ਦਿਹਾੜੇ ’ਤੇ ਇੱਕ ਸਵਾਲ ਆਪਣੇ ਆਪ ਨੂੰ ਪੁੱਛਣਾ ਵੀ ਜ਼ਰੂਰੀ ਹੈ ਕਿ ਅਸੀਂ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਤਾਂ ਮਨਾ ਰਹੇ ਹਾਂ, ਕੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਆਪਣੀ ਜ਼ਿੰਦਗੀ ਵਿੱਚ ਵੀ ਵਸਾ ਰਹੇ ਹਾਂ ?

ਗੁਰੂ ਨਾਨਕ ਦੇਵ ਜੀ ਨੇ ‘ਨਾਮ ਜਪੋ’ ਦਾ ਸੁਨੇਹਾ ਦਿੱਤਾ। ਨਾਮ ਜਪਣ ਦਾ ਅਰਥ ਕੇਵਲ ਮੂੰਹ ਨਾਲ ਵਾਹਿਗੁਰੂ-ਵਾਹਿਗੁਰੂ ਉਚਾਰਨਾ ਹੀ ਨਹੀਂ, ਸਗੋਂ ਆਪਣੇ ਮਨ ਅੰਦਰੋਂ ਹੰਕਾਰ, ਈਰਖਾ, ਨਫ਼ਰਤ, ਲਾਲਚ ਅਤੇ ਦੂਜਿਆਂ ਪ੍ਰਤੀ ਮਾੜੀ ਸੋਚ ਨੂੰ ਦੂਰ ਕਰਨਾ ਵੀ ਹੈ ਜੇ ਮਨੁੱਖ ਸਵੇਰੇ ਉੱਠ ਕੇ ਪਾਠ ਕਰਦਾ ਹੈ, ਪਰ ਸਾਰਾ ਦਿਨ ਕਿਸੇ ਦਾ ਹੱਕ ਮਾਰਦਾ ਹੈ, ਝੂਠ ਬੋਲਦਾ ਹੈ ਜਾਂ ਦੂਜਿਆਂ ਨੂੰ ਨੀਵਾਂ ਵਿਖਾਉਂਦਾ ਹੈ, ਤਾਂ ਉਸ ਨੂੰ ਆਪਣੇ ਧਾਰਮਿਕ ਜੀਵਨ ਬਾਰੇ ਮੁੜ ਸੋਚਣ ਦੀ ਲੋੜ ਹੈ।

ਅੱਜ ਅਸੀਂ ਸੋਸ਼ਲ ਮੀਡੀਆ ’ਤੇ ਗੁਰਬਾਣੀ ਦੀਆਂ ਤੁਕਾਂ ਸਾਂਝੀਆਂ ਕਰਦੇ ਹਾਂ, ਗੁਰੂ ਸਾਹਿਬਾਨ ਦੀਆਂ ਕਾਲਪਨਿਕ ਤਸਵੀਰਾਂ ਲਗਾਉਂਦੇ ਹਾਂ ਅਤੇ ਧਾਰਮਿਕ ਸੁਨੇਹੇ ਅੱਗੇ ਭੇਜਦੇ ਹਾਂ ਪਰ ਕਈ ਵਾਰ ਉਸੇ ਸੋਸ਼ਲ ਮੀਡੀਆ ’ਤੇ ਇੱਕ-ਦੂਜੇ ਨੂੰ ਗਾਲ੍ਹਾਂ ਕੱਢਣ, ਨੀਵਾਂ ਵਿਖਾਉਣ ਅਤੇ ਨਫ਼ਰਤ ਫੈਲਾਉਣ ਤੋਂ ਵੀ ਪਿੱਛੇ ਨਹੀਂ ਹਟਦੇ। ਸੋਚਣ ਵਾਲੀ ਗੱਲ ਹੈ ਕਿ ਜਿਸ ਧਰਮ ਨੇ ਸਾਨੂੰ ਨਿਮਰਤਾ ਸਿਖਾਈ, ਉਸ ਦੇ ਪੈਰੋਕਾਰ ਹੋਣ ਦਾ ਦਾਅਵਾ ਕਰਦਿਆਂ ਅਸੀਂ ਆਪਣੇ ਬੋਲਾਂ ਵਿੱਚੋਂ ਨਿਮਰਤਾ ਕਿਉਂ ਗੁਆ ਰਹੇ ਹਾਂ ?

ਗੁਰੂ ਨਾਨਕ ਦੇਵ ਜੀ ਦਾ ਦੂਜਾ ਸੁਨੇਹਾ ‘ਕਿਰਤ ਕਰੋ’ ਹੈ। ਕਿਰਤ ਦਾ ਮਤਲਬ ਕੇਵਲ ਪੈਸਾ ਕਮਾਉਣਾ ਨਹੀਂ, ਸਗੋਂ ਇਮਾਨਦਾਰੀ ਨਾਲ ਰੋਜ਼ੀ-ਰੋਟੀ ਕਮਾਉਣਾ ਹੈ। ਆਪਣੇ ਹੱਥੀਂ ਮਿਹਨਤ ਕਰਨੀ, ਕਿਸੇ ਦਾ ਹੱਕ ਨਾ ਮਾਰਨਾ ਅਤੇ ਆਪਣੀ ਕਮਾਈ ਵਿੱਚ ਸੱਚਾਈ ਰੱਖਣੀ ਹੀ ਕਿਰਤ ਦੀ ਅਸਲ ਮਹਾਨਤਾ ਹੈ।

ਅੱਜ ਦੁਨੀਆ ਵਿੱਚ ਪੈਸੇ ਵਾਲੇ ਮਨੁੱਖ ਨੂੰ ਵੱਡਾ ਅਤੇ ਗਰੀਬ ਨੂੰ ਛੋਟਾ ਸਮਝਣ ਦੀ ਬਿਮਾਰੀ ਵਧ ਰਹੀ ਹੈ। ਮਹਿੰਗੀਆਂ ਕਾਰਾਂ, ਵੱਡੀਆਂ ਕੋਠੀਆਂ ਅਤੇ ਬੈਂਕਾਂ ਵਿੱਚ ਪਏ ਲੱਖਾਂ-ਕਰੋੜਾਂ ਰੁਪਏ ਮਨੁੱਖ ਦੀ ਕਾਮਯਾਬੀ ਦਾ ਪੈਮਾਨਾ ਬਣਦੇ ਜਾ ਰਹੇ ਹਨ ਪਰ ਗੁਰੂ ਨਾਨਕ ਦੀ ਸੋਚ ਵਿੱਚ ਵੱਡਾ ਉਹ ਨਹੀਂ ਜਿਸ ਕੋਲ ਵਧੇਰੇ ਦੌਲਤ ਹੈ, ਸਗੋਂ ਉਹ ਹੈ ਜਿਸ ਦੀ ਕਮਾਈ ਸੱਚੀ ਹੈ।

ਜਿਹੜਾ ਮਨੁੱਖ ਮਿਹਨਤ ਨਾਲ ਥੋੜ੍ਹਾ ਕਮਾਉਂਦਾ ਹੈ, ਪਰ ਕਿਸੇ ਨਾਲ ਧੋਖਾ ਨਹੀਂ ਕਰਦਾ, ਉਹ ਉਸ ਅਮੀਰ ਨਾਲੋਂ ਕਿਤੇ ਵੱਧ ਅਮੀਰ ਹੈ ਜਿਸ ਨੇ ਦੂਜਿਆਂ ਦਾ ਹੱਕ ਮਾਰ ਕੇ ਆਪਣੇ ਮਹਿਲ ਖੜ੍ਹੇ ਕੀਤੇ ਹੋਣ। ਦੁਨੀਆ ਦੀਆਂ ਨਜ਼ਰਾਂ ਵਿੱਚ ਭਾਵੇਂ ਉਹ ਗਰੀਬ ਹੋਵੇ, ਪਰ ਉਸ ਦੇ ਮਨ ਦੀ ਸ਼ਾਂਤੀ ਅਤੇ ਇਮਾਨਦਾਰੀ ਦੀ ਕੋਈ ਕੀਮਤ ਨਹੀਂ ਲਗਾਈ ਜਾ ਸਕਦੀ।

ਤੀਜਾ ਅਤੇ ਬਹੁਤ ਮਹੱਤਵਪੂਰਨ ਸੁਨੇਹਾ ਹੈ ‘ਵੰਡ ਛਕੋ’। ਇਹ ਉਹ ਸਿਧਾਂਤ ਹੈ ਜਿਸ ਨੇ ਸਿੱਖ ਧਰਮ ਨੂੰ ਮਨੁੱਖਤਾ ਦੀ ਸੇਵਾ ਨਾਲ ਜੋੜਿਆ। ਆਪਣੀ ਕਮਾਈ ਵਿੱਚੋਂ ਲੋੜਵੰਦ ਦਾ ਹਿੱਸਾ ਕੱਢਣਾ, ਭੁੱਖੇ ਨੂੰ ਰੋਟੀ ਦੇਣੀ, ਦੁਖੀ ਦਾ ਦੁੱਖ ਵੰਡਾਉਣਾ ਅਤੇ ਕਿਸੇ ਮੁਸੀਬਤ ਵਿੱਚ ਫਸੇ ਮਨੁੱਖ ਦਾ ਸਹਾਰਾ ਬਣਨਾ ਹੀ ਵੰਡ ਛਕਣ ਦੀ ਅਸਲ ਭਾਵਨਾ ਹੈ।

ਪਰ ਅੱਜ ਸਾਨੂੰ ਇਹ ਵੀ ਸੋਚਣਾ ਪਵੇਗਾ ਕਿ ਕਿਤੇ ਅਸੀਂ ਵੰਡ ਛਕਣ ਨੂੰ ਸਿਰਫ਼ ਗੁਰਦੁਆਰਿਆਂ ਦੇ ਲੰਗਰ ਤੱਕ ਹੀ ਸੀਮਤ ਤਾਂ ਨਹੀਂ ਕਰ ਦਿੱਤਾ ? ਗੁਰਦੁਆਰਿਆਂ ਵਿੱਚ ਵੱਡੇ-ਵੱਡੇ ਲੰਗਰ ਲੱਗਦੇ ਹਨ। ਅਨੇਕਾਂ ਸੇਵਾਦਾਰ ਨਿਸ਼ਕਾਮ ਸੇਵਾ ਕਰਦੇ ਹਨ, ਜੋ ਸਿੱਖ ਪੰਥ ਦੀ ਬਹੁਤ ਵੱਡੀ ਪ੍ਰਾਪਤੀ ਹੈ। ਪਰ ਜੇ ਸਾਡੇ ਆਪਣੇ ਮੁਹੱਲੇ ਵਿੱਚ ਕੋਈ ਬਜ਼ੁਰਗ ਇਕੱਲਾ ਰਹਿੰਦਾ ਹੈ, ਕੋਈ ਗਰੀਬ ਪਰਿਵਾਰ ਆਪਣੇ ਬੱਚਿਆਂ ਦੀ ਪੜ੍ਹਾਈ ਦਾ ਖਰਚਾ ਨਹੀਂ ਚੁੱਕ ਸਕਦਾ ਜਾਂ ਕੋਈ ਬਿਮਾਰ ਮਨੁੱਖ ਦਵਾਈਆਂ ਲਈ ਤਰਸ ਰਿਹਾ ਹੈ, ਤਾਂ ਉਨ੍ਹਾਂ ਦੀ ਮਦਦ ਕਰਨਾ ਵੀ ਗੁਰੂ ਨਾਨਕ ਦੀ ਸਿੱਖਿਆ ’ਤੇ ਚੱਲਣਾ ਹੈ।

ਵੰਡ ਛਕਣਾ ਸਿਰਫ਼ ਰੋਟੀ ਵੰਡਣਾ ਨਹੀਂ, ਸਗੋਂ ਆਪਣਾ ਸਮਾਂ, ਆਪਣਾ ਪਿਆਰ, ਆਪਣੀ ਖੁਸ਼ੀ ਅਤੇ ਕਿਸੇ ਦਾ ਦੁੱਖ ਵੀ ਵੰਡਣਾ ਹੈ।

ਅੱਜ ਪਰਿਵਾਰਾਂ ਦੇ ਅੰਦਰ ਵੀ ਇੱਕ ਅਜੀਬ ਜਿਹਾ ਖਾਲੀਪਣ ਪੈਦਾ ਹੋ ਰਿਹਾ ਹੈ। ਇੱਕੋ ਘਰ ਵਿੱਚ ਰਹਿਣ ਵਾਲੇ ਲੋਕਾਂ ਕੋਲ ਮੋਬਾਈਲ ਫੋਨਾਂ ਲਈ ਸਮਾਂ ਹੈ, ਪਰ ਇੱਕ-ਦੂਜੇ ਨਾਲ ਬੈਠ ਕੇ ਗੱਲ ਕਰਨ ਲਈ ਸਮਾਂ ਨਹੀਂ। ਬੱਚੇ ਆਪਣੇ ਜੀਵਨ ਵਿੱਚ ਰੁੱਝੇ ਹੋਏ ਹਨ, ਬਜ਼ੁਰਗ ਆਪਣੇ ਕਮਰਿਆਂ ਵਿੱਚ ਇਕੱਲੇਪਣ ਨਾਲ ਲੜ ਰਹੇ ਹਨ। ਭੈਣਾਂ-ਭਰਾਵਾਂ ਵਿੱਚ ਜ਼ਮੀਨਾਂ ਅਤੇ ਜਾਇਦਾਦਾਂ ਪਿੱਛੇ ਝਗੜੇ ਹਨ। ਕਈ ਵਾਰ ਰਿਸ਼ਤਿਆਂ ਦੀ ਕੀਮਤ ਪੈਸੇ ਨਾਲ ਤੋਲੀ ਜਾਣ ਲੱਗਦੀ ਹੈ।

ਅਸੀਂ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਂਦੇ ਹੋਏ ਇਹ ਕਿਉਂ ਭੁੱਲ ਜਾਂਦੇ ਹਾਂ ਕਿ ਜਿਹੜਾ ਮਨੁੱਖ ਆਪਣੇ ਘਰ ਦੇ ਬਜ਼ੁਰਗਾਂ ਨੂੰ ਪਿਆਰ ਦੇ ਦੋ ਬੋਲ ਨਹੀਂ ਦੇ ਸਕਦਾ, ਉਹ ਦੂਜਿਆਂ ਨੂੰ ਮਨੁੱਖਤਾ ਦਾ ਪਾਠ ਕਿਵੇਂ ਪੜ੍ਹਾ ਸਕਦਾ ਹੈ ?

ਗੁਰੂ ਨਾਨਕ ਦੇਵ ਜੀ ਨੇ ਜਾਤ-ਪਾਤ, ਉੱਚ-ਨੀਚ ਅਤੇ ਮਨੁੱਖਾਂ ਵਿਚਲੇ ਭੇਦਭਾਵ ਨੂੰ ਚੁਣੌਤੀ ਦਿੱਤੀ। ਉਨ੍ਹਾਂ ਨੇ ਮਨੁੱਖੀ ਬਰਾਬਰੀ ਅਤੇ ਔਰਤ ਦੇ ਸਤਿਕਾਰ ਦੀ ਆਵਾਜ਼ ਬੁਲੰਦ ਕੀਤੀ। ਪਰ ਅੱਜ ਵੀ ਸਾਡੇ ਸਮਾਜ ਵਿੱਚ ਕਈ ਥਾਵਾਂ ਜਾਤਾਂ ਦੇ ਨਾਂ ’ਤੇ ਵੰਡੀਆਂ, ਵਿਆਹਾਂ ਵਿੱਚ ਜਾਤ-ਪਾਤ ਦੀਆਂ ਕੰਧਾਂ ਅਤੇ ਅਮੀਰ-ਗਰੀਬ ਦੇ ਫ਼ਰਕ ਨਜ਼ਰ ਆਉਂਦੇ ਹਨ। ਕਈ ਵਾਰ ਧਾਰਮਿਕ ਸੰਸਥਾਵਾਂ ਦੀਆਂ ਪ੍ਰਬੰਧਕ ਕਮੇਟੀਆਂ ਵਿੱਚ ਵੀ ਸੇਵਾ ਦੀ ਥਾਂ ਅਹੁਦਿਆਂ ਅਤੇ ਚੌਧਰ ਦੀ ਲੜਾਈ ਵਧ ਜਾਂਦੀ ਹੈ।

ਇਸ ਦਾ ਮਤਲਬ ਇਹ ਨਹੀਂ ਕਿ ਸਿੱਖ ਸਮਾਜ ਵਿੱਚ ਚੰਗਿਆਈ ਖ਼ਤਮ ਹੋ ਗਈ ਹੈ। ਦੁਨੀਆ ਦੇ ਹਰ ਕੋਨੇ ਵਿੱਚ ਅੱਜ ਵੀ ਅਣਗਿਣਤ ਸਿੱਖ ਬਿਨਾਂ ਕਿਸੇ ਪ੍ਰਚਾਰ ਜਾਂ ਦਿਖਾਵੇ ਦੇ ਮਨੁੱਖਤਾ ਦੀ ਸੇਵਾ ਕਰ ਰਹੇ ਹਨ। ਕੁਦਰਤੀ ਆਫ਼ਤਾਂ ਹੋਣ, ਭੁੱਖਮਰੀ ਹੋਵੇ ਜਾਂ ਕਿਸੇ ਲੋੜਵੰਦ ਦੀ ਮਦਦ ਦਾ ਮੌਕਾ, ਸਿੱਖ ਸੇਵਾ ਦੀਆਂ ਮਿਸਾਲਾਂ ਕਾਇਮ ਕਰਦੇ ਆ ਰਹੇ ਹਨ। ਪਰ ਸਾਨੂੰ ਇਹ ਵੀ ਮੰਨਣਾ ਪਵੇਗਾ ਕਿ ਸਾਡੀ ਕਹਿਣੀ ਅਤੇ ਕਰਨੀ ਵਿਚਲਾ ਫ਼ਰਕ ਦੂਰ ਕਰਨ ਲਈ ਅਜੇ ਬਹੁਤ ਕੁਝ ਕਰਨਾ ਬਾਕੀ ਹੈ।

ਅੱਜ ਪੰਜਾਬ ਤੋਂ ਲੈ ਕੇ ਇੰਗਲੈਂਡ, ਕੈਨੇਡਾ, ਅਮਰੀਕਾ, ਆਸਟ੍ਰੇਲੀਆ ਅਤੇ ਦੁਨੀਆ ਦੇ ਹੋਰ ਦੇਸ਼ਾਂ ਤੱਕ ਸਿੱਖਾਂ ਨੇ ਮਿਹਨਤ ਨਾਲ ਆਪਣੀ ਪਛਾਣ ਬਣਾਈ ਹੈ। ਉਨ੍ਹਾਂ ਨੇ ਕਾਰੋਬਾਰ ਖੜ੍ਹੇ ਕੀਤੇ, ਗੁਰਦੁਆਰੇ ਬਣਾਏ ਅਤੇ ਆਪਣੀ ਨਵੀਂ ਪੀੜ੍ਹੀ ਨੂੰ ਵਧੀਆ ਸਿੱਖਿਆ ਦਿੱਤੀ। ਇਹ ਮਾਣ ਵਾਲੀ ਗੱਲ ਹੈ। ਪਰ ਇਸ ਕਾਮਯਾਬੀ ਦੇ ਨਾਲ ਸਾਨੂੰ ਆਪਣੀ ਨਵੀਂ ਪੀੜ੍ਹੀ ਨੂੰ ਇਹ ਵੀ ਸਮਝਾਉਣਾ ਚਾਹੀਦਾ ਹੈ ਕਿ ਸਿੱਖੀ ਕੇਵਲ ਦਸਤਾਰ ਸਜਾਉਣ ਜਾਂ ਧਾਰਮਿਕ ਸਮਾਗਮਾਂ ਵਿੱਚ ਹਾਜ਼ਰੀ ਭਰਨ ਤੱਕ ਸੀਮਤ ਨਹੀਂ। ਸਿੱਖੀ ਸੱਚ ਬੋਲਣ, ਹੱਕ ਦੀ ਕਮਾਈ ਕਰਨ, ਅਣਖ ਨਾਲ ਜਿਊਣ, ਦੂਜਿਆਂ ਦਾ ਸਤਿਕਾਰ ਕਰਨ ਅਤੇ ਲੋੜ ਪੈਣ ’ਤੇ ਕਿਸੇ ਕਮਜ਼ੋਰ ਨਾਲ ਖੜ੍ਹਨ ਦਾ ਨਾਂ ਵੀ ਹੈ।

ਇੱਕ ਹੋਰ ਗੱਲ ਸਮਝਣ ਦੀ ਲੋੜ ਹੈ ਕਿ ਗੁਰੂ ਨਾਨਕ ਦੇਵ ਜੀ ਨੇ ਸਾਨੂੰ ਕੁਦਰਤ ਨਾਲ ਪਿਆਰ ਕਰਨਾ ਵੀ ਸਿਖਾਇਆ। ਪਰ ਅੱਜ ਮਨੁੱਖ ਨੇ ਆਪਣੀ ਤਰੱਕੀ ਦੀ ਦੌੜ ਵਿੱਚ ਹਵਾ, ਪਾਣੀ ਅਤੇ ਧਰਤੀ ਨੂੰ ਵੀ ਨੁਕਸਾਨ ਪਹੁੰਚਾਇਆ ਹੈ। ਜੇ ਅਸੀਂ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ’ਤੇ ਹਜ਼ਾਰਾਂ ਦੀਵੇ ਜਗਾਉਂਦੇ ਹਾਂ, ਪਰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਅਤੇ ਵਾਤਾਵਰਣ ਦੀ ਸੰਭਾਲ ਨਹੀਂ ਕਰਦੇ, ਤਾਂ ਸਾਨੂੰ ਆਪਣੀਆਂ ਤਰਜੀਹਾਂ ਬਾਰੇ ਵੀ ਸੋਚਣਾ ਚਾਹੀਦਾ ਹੈ।

ਜ਼ਿੰਦਗੀ ਦਾ ਅਸਲ ਸੱਚ ਇਹ ਨਹੀਂ ਕਿ ਮਨੁੱਖ ਕਿੰਨੇ ਸਾਲ ਜੀਵਿਆ। ਅਸਲ ਸਵਾਲ ਇਹ ਹੈ ਕਿ ਉਸ ਨੇ ਆਪਣੇ ਜੀਵਨ ਵਿੱਚ ਕਿੰਨੇ ਲੋਕਾਂ ਦੇ ਚਿਹਰਿਆਂ ’ਤੇ ਮੁਸਕਰਾਹਟ ਲਿਆਂਦੀ, ਕਿੰਨਿਆਂ ਦੇ ਹੰਝੂ ਪੂੰਝੇ, ਕਿੰਨਿਆਂ ਨੂੰ ਸਹਾਰਾ ਦਿੱਤਾ ਅਤੇ ਕਿੰਨਿਆਂ ਦੇ ਕੰਮ ਆਇਆ।

ਦੁਨੀਆ ਦਾ ਸਭ ਤੋਂ ਅਮੀਰ ਮਨੁੱਖ ਵੀ ਆਪਣੀ ਉਮਰ ਦਾ ਇੱਕ ਪਲ ਖਰੀਦ ਨਹੀਂ ਸਕਦਾ। ਮੌਤ ਅੱਗੇ ਨਾ ਕੋਈ ਬਾਦਸ਼ਾਹ ਵੱਡਾ ਹੈ ਅਤੇ ਨਾ ਕੋਈ ਗਰੀਬ ਛੋਟਾ। ਫਿਰ ਇਸ ਥੋੜ੍ਹੀ ਜਿਹੀ ਜ਼ਿੰਦਗੀ ਵਿੱਚ ਇੰਨਾ ਹੰਕਾਰ, ਇੰਨੀ ਨਫ਼ਰਤ ਅਤੇ ਇੰਨਾ ਲਾਲਚ ਕਾਹਦੇ ਲਈ ?

557ਵੇਂ ਪ੍ਰਕਾਸ਼ ਪੁਰਬ ਮੌਕੇ ਸਾਨੂੰ ਆਪਣੇ ਆਪ ਨਾਲ ਇੱਕ ਵਾਅਦਾ ਕਰਨਾ ਚਾਹੀਦਾ ਹੈ ਕਿ ਅਸੀਂ ਗੁਰੂ ਨਾਨਕ ਦੇਵ ਜੀ ਦੇ ਸੁਨੇਹੇ ਨੂੰ ਕੇਵਲ ਭਾਸ਼ਣਾਂ, ਪੋਸਟਰਾਂ ਅਤੇ ਸੋਸ਼ਲ ਮੀਡੀਆ ਤੱਕ ਸੀਮਤ ਨਹੀਂ ਰੱਖਾਂਗੇ। ਆਪਣੇ ਘਰ ਤੋਂ ਸ਼ੁਰੂਆਤ ਕਰਾਂਗੇ। ਕਿਸੇ ਦਾ ਹੱਕ ਨਹੀਂ ਮਾਰਾਂਗੇ, ਆਪਣੀ ਕਿਰਤ ਨੂੰ ਇਮਾਨਦਾਰ ਰੱਖਾਂਗੇ, ਲੋੜਵੰਦ ਦੀ ਮਦਦ ਕਰਾਂਗੇ, ਬਜ਼ੁਰਗਾਂ ਦਾ ਸਤਿਕਾਰ ਕਰਾਂਗੇ ਅਤੇ ਆਪਣੇ ਬੱਚਿਆਂ ਨੂੰ ਨਫ਼ਰਤ ਦੀ ਥਾਂ ਪਿਆਰ ਤੇ ਬਰਾਬਰੀ ਦਾ ਸਬਕ ਦੇਵਾਂਗੇ।

ਗੁਰੂ ਨਾਨਕ ਦੇਵ ਜੀ ਨੂੰ ਸਿਰਫ਼ ਮੱਥਾ ਟੇਕਣਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਦੀ ਸੋਚ ਅੱਗੇ ਆਪਣਾ ਹੰਕਾਰ ਝੁਕਾਉਣਾ ਵੀ ਜ਼ਰੂਰੀ ਹੈ। ਅੱਜ ਸਾਨੂੰ ਇਹ ਵੀ ਸਮਝਣ ਦੀ ਲੋੜ ਹੈ ਕਿ ਗੁਰੂ ਸਾਹਿਬਾਨ ਦੀਆਂ ਕਾਲਪਨਿਕ ਤਸਵੀਰਾਂ ਨੂੰ ਉਨ੍ਹਾਂ ਦੇ ਅਸਲ ਸਰੂਪ ਦਾ ਪ੍ਰਤੀਕ ਮੰਨ ਕੇ ਉਨ੍ਹਾਂ ਤੱਕ ਹੀ ਆਪਣੀ ਸ਼ਰਧਾ ਸੀਮਤ ਕਰ ਲੈਣ ਦੀ ਬਜਾਏ ਸਾਨੂੰ ਗੁਰਬਾਣੀ, ਗੁਰੂ ਦੇ ਸ਼ਬਦ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨਾਲ ਜੁੜਨਾ ਚਾਹੀਦਾ ਹੈ। ਕਿਉਂਕਿ ਗੁਰੂ ਨਾਨਕ ਦੇਵ ਜੀ ਦੀ ਅਸਲ ਪਛਾਣ ਕਿਸੇ ਕਾਲਪਨਿਕ ਚਿੱਤਰ ਵਿੱਚ ਨਹੀਂ, ਸਗੋਂ ਉਨ੍ਹਾਂ ਵੱਲੋਂ ਮਨੁੱਖਤਾ ਨੂੰ ਬਖ਼ਸ਼ੇ ਗਿਆਨ, ਸੱਚ ਅਤੇ ਬਰਾਬਰੀ ਦੇ ਸੁਨੇਹੇ ਵਿੱਚ ਹੈ।

ਅਖ਼ੀਰ ਵਿੱਚ ਇਹੀ ਕਹਿਣਾ ਬਣਦਾ ਹੈ ਕਿ ਸਾਡੇ ਘਰ ਵੱਡੇ ਹੋ ਗਏ, ਪਰ ਕੀ ਸਾਡੇ ਦਿਲ ਵੀ ਵੱਡੇ ਹੋਏ ਹਨ ? ਸਾਡੇ ਬੈਂਕ ਖਾਤੇ ਭਰ ਗਏ, ਪਰ ਕੀ ਸਾਡੀ ਜ਼ਿੰਦਗੀ ਵਿੱਚ ਸੰਤੋਖ ਆਇਆ ਹੈ ? ਅਸੀਂ ਗੁਰਦੁਆਰਿਆਂ ਨੂੰ ਸੋਨੇ ਨਾਲ ਸਜਾ ਰਹੇ ਹਾਂ, ਪਰ ਕੀ ਆਪਣੇ ਮਨ ਨੂੰ ਗੁਰੂ ਦੇ ਸ਼ਬਦ ਨਾਲ ਵੀ ਸਜਾਇਆ ਹੈ ?

ਗੁਰੂ ਨਾਨਕ ਦੇਵ ਜੀ ਦਾ ਅਸਲ ਪ੍ਰਕਾਸ਼ ਪੁਰਬ ਉਸ ਦਿਨ ਹੋਵੇਗਾ, ਜਿਸ ਦਿਨ ਉਨ੍ਹਾਂ ਦੀਆਂ ਸਿੱਖਿਆਵਾਂ ਦਾ ਚਾਨਣ ਸਾਡੇ ਮਨਾਂ ਅਤੇ ਕਰਮਾਂ ਵਿੱਚ ਵੀ ਦਿਖਾਈ ਦੇਵੇਗਾ।

ਕਿਉਂਕਿ ਗੁਰੂ ਨਾਨਕ ਦਾ ਸਿੱਖ ਹੋਣ ਦੀ ਅਸਲ ਪਛਾਣ ਸਿਰਫ਼ ਇਹ ਨਹੀਂ ਕਿ ਅਸੀਂ ਗੁਰੂ ਨਾਨਕ ਨੂੰ ਕਿੰਨਾ ਮੰਨਦੇ ਹਾਂ, ਸਗੋਂ ਇਹ ਹੈ ਕਿ ਅਸੀਂ ਗੁਰੂ ਨਾਨਕ ਦੀ ਕਿੰਨੀ ਮੰਨਦੇ ਹਾਂ।

“ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ” ਇਹੀ ਜ਼ਿੰਦਗੀ ਦਾ ਅਸਲ ਸੱਚ, ਮਨੁੱਖਤਾ ਦੇ



‘ਸਾਡੀ ਕੋਈ ਗਾਰੰਟੀ ਨਹੀਂ.. !’, ਅਮਰੀਕਾ-ਇਰਾਨ ਗੱਲਬਾਤ ’ਚ ਮੁੜ

ਯੂਰੇਨੀਅਮ ਨੂੰ ਲੈ ਕੇ ਮੁੜ ਹੋਇਆ ਡੈੱਡਲਾਕ



ਤਹਿਰਾਨ, 21 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅਮਰੀਕਾ-ਇਰਾਨ ਵਿਚਾਲੇ ਛਿੜੀ ਜੰਗ ਨੂੰ 8 ਮਹੀਨੇ ਤੋਂ ਵੱਧ ਦਾ ਸਮਾਂ ਹੋ ਗਿਆ ਹੈ। ਹੁਣ ਜਦੋਂ ਅਮਰੀਕਾ ਇਹ ਜੰਗ ਖ਼ਤਮ ਕਰਨ ਲਈ ਇਰਾਨ ਨਾਲ ਗੱਲਬਾਤ ਕਰ ਰਿਹਾ ਹੈ ਤਾਂ ਇਸੇ ਦੌਰਾਨ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਇਰਾਨ ਦੇ ਐਨਰਿਚਡ ਯੂਰੇਨੀਅਮ ਦੇ ਭੰਡਾਰ ਨੂੰ ਲੈ ਕੇ ਪੈਦਾ ਹੋਏ ਮਤਭੇਦਾਂ ਕਾਰਨ ਅਮਰੀਕਾ ਅਤੇ ਇਰਾਨ ਵਿਚਾਲੇ ਚੱਲ ਰਹੀ ਗੱਲਬਾਤ ਰੁਕ ਗਈ ਹੈ। ਰਿਪੋਰਟਾਂ ਅਨੁਸਾਰ, ਵਿਚੋਲਗੀ ਕਰ ਰਹੇ ਦੇਸ਼ਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਇਹ ਡੈੱਡਲਾਕ ਜਾਰੀ ਰਿਹਾ, ਤਾਂ ਉਹ ਮਿਡਲ ਈਸਟ ’ਚ ਮੁੜ ਹਮਲੇ ਸ਼ੁਰੂ ਹੋਣ ਤੋਂ ਰੋਕਣ ਦੀ ਕੋਈ ਗਾਰੰਟੀ ਨਹੀਂ ਦੇ ਸਕਦੇ। ਸਾਹਮਣੇ ਆਈਆਂ ਰਿਪੋਰਟਾਂ ਮੁਤਾਬਕ, ਅਮਰੀਕਾ ਇਰਾਨ ਤੋਂ ਇੱਕ ਸਪੱਸ਼ਟ ਰੋਡਮੈਪ ਅਤੇ ਲਿਖਤੀ ਗਾਰੰਟੀ ਮੰਗ ਰਿਹਾ ਹੈ ਕਿ ਉਹ ਆਪਣੇ ਐਨਰਿਚਡ ਯੂਰੇਨੀਅਮ ਨੂੰ ਪੂਰੀ ਤਰ੍ਹਾਂ ਖ਼ਤਮ ਕਰੇਗਾ ਅਤੇ ਭਵਿੱਖ ’ਚ ਦੁਬਾਰਾ ਯੂਰੇਨੀਅਮ ਨੂੰ ਐਨਰਿਚ ਨਹੀਂ ਕਰੇਗਾ। ਵਿਚੋਲਗੀ ਕਰਨ ਵਾਲੇ ਦੇਸ਼ਾਂ ਵੱਲੋਂ ਜੰਗ ਨੂੰ ਖ਼ਤਮ ਕਰਨ ਲਈ ਪੇਸ਼ ਕੀਤੇ ਗਏ ਕਈ ਪ੍ਰਸਤਾਵਾਂ ਦੇ ਬਾਵਜੂਦ ਦੋਵੇਂ ਧਿਰਾਂ ਆਪਣੇ ਸਖ਼ਤ ਸਟੈਂਡ ’ਤੇ ਅੜੀਆਂ ਹੋਈਆਂ ਹਨ। ਇਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨੇ ਸਪੱਸ਼ਟ ਕੀਤਾ ਹੈ ਕਿ ਤਹਿਰਾਨ ਸਿਰਫ਼ ਮੌਜੂਦਾ ਕੂਟਨੀਤਕ ਰੁਕਾਵਟ ਨੂੰ ਖ਼ਤਮ ਕਰਨ ਲਈ ਕਿਸੇ ਵੀ ਸਮਝੌਤੇ ਨੂੰ ਸਵੀਕਾਰ ਨਹੀਂ ਕਰੇਗਾ। ਇਕ ਸਰਕਾਰੀ ਅਖ਼ਬਾਰ ਨੂੰ ਦਿੱਤੇ ਗਏ ਇੰਟਰਵਿਊ ’ਚ ਉਨ੍ਹਾਂ ਕਿਹਾ ਕਿ ਇਰਾਨ ਨਾ ਜੰਗ, ਨਾ ਸ਼ਾਂਤੀ ਦੀ ਸਥਿਤੀ ਵਿੱਚ ਰਹਿਣ ਦੀ ਬਜਾਏ ਇੱਕ ਚੰਗਾ ਤੇ ਸਥਾਈ ਸਮਝੌਤਾ ਚਾਹੁੰਦਾ ਹੈ। ਜੂਨ ’ਚ ਹੋਏ ਜੰਗਬੰਦੀ ਸਮਝੌਤੇ ਤੋਂ ਸਿਰਫ਼ 15 ਦਿਨਾਂ ਬਾਅਦ ਮੁੜ ਜੰਗ ਸ਼ੁਰੂ ਹੋਣ ਦਾ ਹਵਾਲਾ ਦਿੰਦਿਆਂ ਅਰਾਘਚੀ ਨੇ ਸਵਾਲ ਕੀਤਾ ਕਿ ਜੇ ਸਮਝੌਤੇ ਦੀ ਦੋ ਮਹੀਨਿਆਂ ਬਾਅਦ ਉਲੰਘਣਾ ਹੋ ਜਾਵੇ ਅਤੇ ਜੰਗ ਮੁੜ ਛਿੜ ਪਵੇ, ਤਾਂ ਅਜਿਹੇ ਸਮਝੌਤੇ ਦਾ ਕੀ ਫ਼ਾਇਦਾ ? ਪ੍ਰਮਾਣੂ ਮੁੱਦੇ ’ਤੇ ਬੋਲਦਿਆਂ ਅਰਾਘਚੀ ਨੇ ਕਿਹਾ ਕਿ ਇਰਾਨ 60 ਫੀਸਦੀ ਤੱਕ ਸੋਧੇ ਗਏ ਯੂਰੇਨੀਅਮ ਦੇ ਭੰਡਾਰ ਬਾਰੇ ਗੱਲਬਾਤ ਕਰਨ ਲਈ ਤਿਆਰ ਹੈ, ਪਰ ਇਸ ਸਮੱਗਰੀ ਨੂੰ ਦੇਸ਼ ਤੋਂ ਬਾਹਰ ਟਰਾਂਸਫਰ ਕਰਨ ਦੀ ਸੰਭਾਵਨਾ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਕਤਰ ਅਤੇ ਪਾਕਿਸਤਾਨ ਸਣੇ ਹੋਰ ਵਿਚੋਲਿਆਂ ਰਾਹੀਂ ਤਹਿਰਾਨ ਅਤੇ ਵਾਸ਼ਿੰਗਟਨ ਵਿਚਾਲੇ ਸੁਨੇਹਿਆਂ ਦਾ ਆਦਾਨ-ਪ੍ਰਦਾਨ ਜਾਰੀ ਹੈ। ਇਸ ਦੇ ਨਾਲ ਹੀ ਉਨ੍ਹਾਂ ਦੁਹਰਾਇਆ ਕਿ ਜੇਕਰ ਅਮਰੀਕਾ ਇਰਾਨ ਦੀਆਂ ਸ਼ਰਤਾਂ- ਪ੍ਰਮਾਣੂ ਪ੍ਰੋਗਰਾਮ, ਪਾਬੰਦੀਆਂ ਹਟਾਉਣ ਅਤੇ ਸੁਰੱਖਿਆ ਚਿੰਤਾਵਾਂ ਨੂੰ ਪੂਰਾ ਕਰਦਾ ਹੈ, ਤਾਂ ਤਹਿਰਾਨ ਹੋਰਮੁਜ਼ ਲਾਂਘੇ ਨੂੰ ਮੁੜ ਖੋਲ੍ਹਣ ਲਈ ਤਿਆਰ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਰਾਮਗੜ੍ਹੀਆ ਸੋਸਾਇਟੀ ਜ਼ੀਰਾ ਵੱਲੋਂ ਜਥੇਬੰਦੀ ਦੀ ਮਜ਼ਬੂਤੀ ਤੇ ਸਿਆਸੀ ਰਣਨੀਤੀ ਬਾਰੇ ਕੀਤੀਆ ਵਿਚਾਰਾਂ—ਖੋਸਾ

ਫ਼ਿਰੋਜ਼ਪੁਰ, 21 ਨਵੰਬਰ (ਮਨੋਹਰ ਲਾਲ):— ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ (ਰਜਿ:140) ਪੰਜਾਬ ਦੀ ਜੀਰਾ ਇਕਾਈ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਗੁਰੂਦੁਆਰਾ ਬਾਬਾ ਵਿਸ਼ਵਕਰਮਾ ਜੀ ਭਵਨ ਮੋਜਦੀਨ ਰੋਡ ਜੀਰਾ ਵਿਖੇ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸੋਸਾਇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ ਜਿਥੇ ਜਥੇਬੰਦੀ ਦੀ ਮਜ਼ਬੂਤੀ ਮੈਂਬਰਸ਼ਿਪ ਮੁਹਿੰਮ ਅਤੇ ਭਵਿੱਖ ਦੀ ਰਣਨੀਤੀ ਬਾਰੇ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਬੁਲਾਰਿਆਂ ਨੇ ਸੋਸਾਇਟੀ ਨੂੰ ਹੋਰ ਅੱਗੇ ਲਿਜਾਣ ਅਤੇ ਜਥੇਬੰਦੀ ਦੇ ਘੇਰੇ ਨੂੰ ਵਿਸ਼ਾਲ ਕਰਨ ਲਈ ਪਿੰਡ ਅਤੇ ਸ਼ਹਿਰ ਵਿੱਚ ਨਵੇਂ ਮੈਂਬਰ ਜੋੜਨ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਉਣ ਦਾ ਫੈਸਲਾ ਲਿਆ ਗਿਆ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੰਤੋਖ ਸਿੰਘ ਖੋਸਾ ਕੌਮੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਨੇ ਕੀਤਾ ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਮੌਜੂਦਾ ਸਿਆਸੀ ਹਲਾਤਾਂ ਤੇ ਵੀ ਡੂੰਘੀ ਚਰਚਾ ਕੀਤੀ ਗਈ। ਆਗੂਆਂ ਨੇ ਵਿਚਾਰ ਪ੍ਰਗਟ ਕੀਤੇ ਕੀ ਸੋਸਾਇਟੀ ਇੱਕਜੁੱਟ ਹੋ ਕੇ ਅਜਿਹੇ ਉਮੀਦਵਾਰ ਦਾ ਸਮਰਥਨ ਕਰੇਗੀ ਜੋ ਭਾਈਚਾਰੇ ਦੀ ਬੇਹਤਰੀ ਅਤੇ ਇਲਾਕੇ ਦੇ ਵਿਕਾਸ ਲਈ ਵਚਨਬੱਧ ਹੋਵੇ। ਮੀਟਿੰਗ ਦੇ ਅੰਤ ਵਿੱਚ ਸਮੂਹ ਮੈਂਬਰਾਂ ਨੇ ਆਪਸੀ ਏਕਤਾ ਬਣਾਈ ਰੱਖਣ ਅਤੇ ਸੋਸਾਇਟੀ ਵੱਲੋਂ ਉਲੀਕੇ ਗਏ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਦਾ ਪ੍ਰਣ ਲਿਆ। ਇਸ ਮੌਕੇ ਸੰਤੋਖ ਸਿੰਘ ਖੋਸਾ ਕੌਮੀ ਸੀਨੀਅਰ ਮੀਤ ਪ੍ਰਧਾਨ ਪੰਜਾਬ, ਦਰਸ਼ਨ ਸਿੰਘ ਮੀਤ ਪ੍ਰਧਾਨ ਪੰਜਾਬ, ਗੁਰਅਵਤਾਰ ਸਿੰਘ ਸ਼ਹਿਰੀ ਪ੍ਰਧਾਨ, ਲਖਵੀਰ ਸਿੰਘ ਜੋਧਪੁਰੀਆ ਜ਼ਿਲ੍ਹਾ ਜਥੇਬੰਦਕ ਸਕੱਤਰ, ਸੁਖਮਿੰਦਰ ਸਿੰਘ ਮਣਕੂ ਜ਼ਿਲ੍ਹਾ ਮੀਤ ਪ੍ਰਧਾਨ, ਲਖਵੀਰ ਸਿੰਘ ਜ਼ਿਲ੍ਹਾ ਜੋਆਇੰਟ ਸਕੱਤਰ, ਰਣਜੀਤ ਸਿੰਘ ਜ਼ਿਲ੍ਹਾ ਸਕੱਤਰ, ਸੁਖਦੇਵ ਸਿੰਘ ਜ਼ਿਲ੍ਹਾ ਮੁੱਖ ਸਕੱਤਰ, ਜਸਵਿੰਦਰ ਸਿੰਘ ਜੋਧਪੁਰੀਆ ਜ਼ਿਲ੍ਹਾ ਸਟੇਜ ਸੇਕਟਰੀ, ਪ੍ਰਗਟ ਸਿੰਘ ਜ਼ਿਲ੍ਹਾ ਪ੍ਰੈਸ ਸਕੱਤਰ, ਜਸਵੀਰ ਸਿੰਘ ਜੋਧਪੁਰੀਆ ਜ਼ਿਲ੍ਹਾ ਜੋਆਇੰਟ ਸਟੇਜ ਸੈਕਟਰੀ, ਪ੍ਰਮਜੀਤ ਸਿੰਘ ਠੇਕੇਦਾਰ ਜ਼ਿਲ੍ਹਾ ਜਰਨਲ ਸੈਕਟਰੀ, ਲਖਵੀਰ ਸਿੰਘ ਜੱਬਲ ਜ਼ਿਲ੍ਹਾ ਮੁੱਖ ਸਕੱਤਰ, ਸਜੀਵ ਕੁਮਾਰ ਸ਼ਰਮਾਂ ਜ਼ਿਲ੍ਹਾ ਮੁੱਖ ਸਲਾਹਕਾਰ ਅਤੇ ਹੋਰ ਪਤਵੰਤੇ ਸੱਜਣ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਓ ਪੰਜਾਬੀ

ਸਿੱਖੀਏ ਅਤੇ ਸਿੱਖਾਈਏ

ਮਾਂ ਬੋਲੀ ਦਾ ਮਾਣ ਵਧਾਈਏ



★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਅਾਵਾਜ਼ਿ ਕੌਮ

+447458381111 +447976210161 +919729091243